ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245317

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 31 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਪੁਲਸ ਦੇ ਸਾਬਕਾ AIG ਨੂੰ ਅਦਾਲਤ ਤੋਂ ਝਟਕਾ, 13 ਦਿਨਾਂ ਲਈ ਨਿਆਂਇਕ ਹਿਰਾਸਤ 'ਚ ਭੇਜਿਆ

**ਅੰਮ੍ਰਿਤਸਰ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-



2019 ਦੇ ਮਾਮਲੇ 'ਚ ਅੱਜ ਐਸ.ਟੀ.ਐਫ. ਦੀ ਪੁਲਸ ਵੱਲੋਂ ਸਾਬਕਾ ਏ.ਆਈ.ਜੀ. ਰਸ਼ਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਕੋਰਟ ਵਿੱਚ ਪੇਸ਼ ਕੀਤਾ ਗਿਆ। ਏ.ਆਈ.ਜੀ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਰਸ਼ਪਾਲ ਸਿੰਘ ਨੂੰ ਅੱਜ ਕੋਰਟ ਵਿੱਚ ਪੇਸ਼ ਕੀਤਾ ਗਿਆ ਹੈ। ਡੀ.ਸੀ. ਰਾਹੀਂ ਗੱਲਬਾਤ ਤੋਂ ਬਾਅਦ ਉਨ੍ਹਾਂ ਨੂੰ 13 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜਣ ਦੇ ਆਦੇਸ਼ ਦਿੱਤੇ ਗਏ ਹਨ। ਇਸ ਮਾਮਲੇ 'ਚ ਸ਼ਿਕਾਇਤਕਰਤਾ ਵੱਲੋਂ ਸਾਬਕਾ ਏ.ਆਈ.ਜੀ. ਰਸ਼ਪਾਲ ਸਿੰਘ ਉੱਪਰ ਕਈ ਗੰਭੀਰ ਦੋਸ਼ ਲਗਾਏ ਗਏ ਹਨ। ਸ਼ਿਕਾਇਤਕਰਤਾ ਦਾ ਕਹਿਣਾ ਹੈ ਕਿ ਜਦੋਂ ਉਹ ਕੋਰਟ ਵਿੱਚ ਆਪਣੀ ਤਰੀਖ਼ ਭੁਗਤਣ ਲਈ ਆਇਆ ਸੀ, ਤਾਂ ਸਾਬਕਾ ਏ.ਆਈ.ਜੀ. ਰਸ਼ਪਾਲ ਸਿੰਘ ਨੇ ਉਸਦੀ ਮੁਦੱਈ ਪਾਰਟੀ ਨਾਲ ਮਿਲਕੇ ਉਸਨੂੰ ਕੋਰਟ ਤੋਂ ਹੀ ਚੁੱਕ ਲਿਆ ਤੇ ਉਸਦੇ ਖ਼ਿਲਾਫ਼ ਝੂਠਾ ਨਸ਼ੇ ਦਾ ਮੁਕੱਦਮਾ ਦਰਜ ਕਰ ਦਿੱਤਾ ਗਿਆ। ਉਸਨੇ ਦੱਸਿਆ ਕਿ ਜਦੋਂ ਉਹ ਜੇਲ੍ਹ ਗਿਆ ਅਤੇ ਬਾਅਦ ਵਿੱਚ ਬਾਹਰ ਆਇਆ, ਤਾਂ ਉਸਨੇ ਇਨਸਾਫ ਲਈ ਆਪਣੀ ਲੜਾਈ ਸ਼ੁਰੂ ਕੀਤੀ।

## ਤਰਨ ਤਾਰਨ 'ਚ ਭਖ ਗਿਆ ਚੋਣ ਮਾਹੌਲ ! ਲੀਡਰਾਂ ਦੀਆਂ ਧੜਕਣਾਂ ਤੇਜ਼

# ਪੰਥਕ ਮੁੱਦਿਆਂ ਦੁਆਲੇ ਘੁੰਮਣ ਲੱਗੀ ਸੂਈ

**ਤਰਨ-ਤਾਰਨ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਪੰਥਕ ਸੀਟ ਤਰਨ ਤਾਰਨ ਵਿੱਚ ਚੋਣ ਮਾਹੌਲ ਭਖ ਗਿਆ ਹੈ। ਬੇਸ਼ੱਕ ਤਰਨ ਤਾਰਨ ਜ਼ਿਮਨੀ ਚੋਣ 'ਚ ਦੋ ਔਰਤਾਂ ਸਣੇ 15 ਉਮੀਦਵਾਰ ਚੋਣ ਮੈਦਾਨ 'ਚ ਹਨ ਪਰ ਚਰਚਾ ਚਾਰ ਵੱਡੀਆਂ ਪਾਰਟੀਆਂ ਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਅਕਾਲੀ ਦਲ 'ਵਾਰਸ ਪੰਜਾਬ ਦੇ' ਦੀ ਹੀ ਹੈ। ਇਸ ਵਾਰ ਚੋਣ ਮੈਦਾਨ ਵਿੱਚ 'ਆਪ' ਉਮੀਦਵਾਰ ਹਰਮੀਤ ਸਿੰਘ ਸੰਧੂ, ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ, ਕਾਂਗਰਸ ਦੇ ਕਰਨਬੀਰ ਸਿੰਘ ਤੇ ਭਾਜਪਾ ਦੇ ਉਮੀਦਵਾਰ ਹਰਜੀਤ ਸਿੰਘ ਸੰਧੂ ਤੋਂ ਇਲਾਵਾ ਅਕਾਲੀ ਦਲ 'ਵਾਰਸ ਪੰਜਾਬ ਦੇ' ਮਨਦੀਪ ਸਿੰਘ ਹਨ। ਦੱਸ ਦਈਏ ਕਿ ਤਰਨ ਤਾਰਨ ਜ਼ਿਮਨੀ ਚੋਣ 11 ਨਵੰਬਰ ਨੂੰ ਹੋ ਰਹੀ ਹੈ। ਤਰਨ ਤਾਰਨ ਦੀ ਸੀਟ ਡਾ. ਕਸ਼ਮੀਰ ਸਿੰਘ ਸੋਹਲ ਦੇ ਦੇਹਾਂਤ ਮਗਰੋਂ ਖ਼ਾਲੀ ਹੋਈ ਹੈ। ਤਰਨ ਤਾਰਨ ਜ਼ਿਮਨੀ ਚੋਣ ਨੂੰ ਬੇਹੱਦ ਅਹਿਮ ਮੰਨਿਆ ਜਾ ਰਿਹਾ ਹੈ



ਕਿਉਂਕਿ ਵਿਧਾਨ ਸਭਾ ਚੋਣਾਂ ਵਿੱਚ ਡੇਢ ਸਾਲ ਤੋਂ ਵੀ ਘੱਟ ਸਮਾਂ ਰਹਿ ਗਿਆ ਹੈ। ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਲਈ ਇਹ ਸੀਟ ਬੇਹੱਦ ਵਕਾਰੀ ਹੈ ਕਿਉਂਕਿ ਇਸ ਦਾ ਸਿੱਧਾ ਅਸਰ ਅਗਲੀਆਂ ਚੋਣਾਂ 'ਤੇ ਪੈਣਾ ਹੈ। ਇਹ ਚੀਜ਼ ਦੂਜੀਆਂ ਧਿਰਾਂ ਉਪਰ ਲਾਗੂ ਹੁੰਦੀ ਹੈ। ਉਂਝ ਸਭ ਤੋਂ ਵੱਡੀ ਅਗਨੀ ਪ੍ਰੀਖਿਆ ਸ਼੍ਰੋਮਣੀ ਅਕਾਲੀ ਦਲ ਲਈ ਹੈ। ਜੇਕਰ ਇਸ ਪੰਥਕ ਹਲਕੇ ਤੋਂ ਵੀ ਅਕਾਲੀ ਦਲ ਨੂੰ ਹੁੰਗਾਰਾ ਨਹੀਂ ਮਿਲਦਾ ਤਾਂ ਪਹਿਲਾਂ ਹੀ ਦੋਫਾੜ ਹੋਈ ਪਾਰਟੀ ਲਈ ਸੰਕਟ ਹੋਰ ਗਹਿਰਾ ਸਕਦਾ ਹੈ। ਇਹੀ ਕਾਰਨ ਹੈ ਕਿ ਸ਼੍ਰੋਮਣੀ ਅਕਾਲੀ ਦਲ ਇਸ ਚੋਣ ਵਿੱਚ ਪੰਥਕ ਮੁੱਦਿਆਂ ਨੂੰ ਉਭਾਰ ਰਿਹਾ ਹੈ। ਇਸ ਦੇ ਨਾਲ ਹੀ ਕਈ ਅਕਾਲੀ ਧੜਿਆਂ ਵੱਲੋਂ ਅਕਾਲੀ ਦਲ 'ਵਾਰਸ ਪੰਜਾਬ ਦੇ' ਦੇ ਉਮੀਦਵਾਰ ਮਨਦੀਪ ਸਿੰਘ ਨੂੰ ਹਮਾਇਤ ਦੇਣ ਕਰਕੇ ਹਲਕੇ ਵਿੱਚ ਮੁੱਖ ਮੁੱਦਾ ਵੀ ਪੰਥਕ ਮਸਲੇ ਬਣਦਾ ਜਾ ਰਿਹਾ ਹੈ। ਬੇਸ਼ੱਕ ਵਿਰੋਧੀ ਧਿਰਾਂ ਸੱਤਾਧਿਰ ਨੂੰ ਵਿਕਾਸ, ਅਮਨ-ਕਾਨੂੰਨ ਦੀ ਹਾਲਤ, ਭ੍ਰਿਸ਼ਟਾਚਾਰ ਤੇ ਗੈਂਗਸਟਰਵਾਦ ਦੇ ਮੁੱਦਿਆਂ ਉਪਰ ਘੇਰਣ ਦੀ ਕੋਸ਼ਿਸ਼ ਕਰ ਰਹੀਆਂ ਹਨ ਪਰ ਗੱਲ ਮੁੜ-ਮੁੜ ਪੰਥਕ ਮੁੱਦਿਆਂ ਉਪਰ ਹੀ ਆ ਕੇ ਖੜ੍ਹਦੀ ਹੈ। ਅਕਾਲੀ ਧੜਿਆਂ ਅੰਦਰ ਬਹਿਸ ਚੱਲ ਰਹੀ ਹੈ ਕਿ ਅਸਲ ਪੰਥਕ ਧਿਰ ਕਿਹੜੀ ਹੈ।

## ਟਰੰਪ ਅਤੇ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਵਿਚਾਲੇ ਮੁਲਾਕਾਤ , 6 ਸਾਲਾਂ ਬਾਅਦ ਮਿਲੇ ਦੋਵੇਂ ਨੇਤਾ

**ਬੁਸਾਨ (ਕੋਰੀਆ), 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਵਿਚਕਾਰ ਦੱਖਣੀ ਕੋਰੀਆ ਦੇ ਬੁਸਾਨ ਵਿੱਚ ਮੀਟਿੰਗ ਸ਼ੁਰੂ ਹੋ ਗਈ ਹੈ। ਇਹ ਮੁਲਾਕਾਤ ਅਮਰੀਕਾ ਅਤੇ ਚੀਨ ਵਿਚਕਾਰ ਚੱਲ ਰਹੇ ਟੈਰਿਫ ਵਾਰ ਵਿਚਕਾਰ ਹੋਈ ਹੈ। ਇਹ ਵਪਾਰਕ ਮੁੱਦਿਆਂ 'ਤੇ ਮਹੀਨਿਆਂ ਦੀ ਉਥਲ-ਪੁਥਲ ਤੋਂ ਬਾਅਦ ਦੁਨੀਆ ਦੀਆਂ ਦੋ ਸਭ ਤੋਂ ਵੱਡੀਆਂ ਅਰਥਵਿਵਸਥਾਵਾਂ ਵਿਚਕਾਰ ਸਬੰਧਾਂ ਨੂੰ ਸਥਿਰ ਕਰਨ ਦਾ ਇੱਕ ਮੌਕਾ ਹੈ। ਪੂਰੀ ਦੁਨੀਆ ਦੀ ਟਰੰਪ ਅਤੇ ਸ਼ੀ ਵਿਚਕਾਰ ਮੁਲਾਕਾਤ 'ਤੇ ਨਜ਼ਰ ਟਿਕੀ ਹੋਈ ਹੈ। ਦੱਖਣੀ ਕੋਰੀਆ ਦੇ ਬੁਸਾਨ ਵਿੱਚ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਆਪਣੀ ਮੁਲਾਕਾਤ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ, "ਸਾਡੀ ਮੁਲਾਕਾਤ ਬਹੁਤ ਸਫਲ ਰਹਿਣ ਵਾਲੀ ਹੈ।



ਉਹ ਇੱਕ ਬਹੁਤ ਹੀ ਸਖ਼ਤ ਵਾਰਤਾਕਾਰ ਹਨ, ਜੋ ਕਿ ਚੰਗੀ ਗੱਲ ਨਹੀਂ ਹੈ। ਅਸੀਂ ਇੱਕ ਦੂਜੇ ਨੂੰ ਚੰਗੀ ਤਰ੍ਹਾਂ ਜਾਣਦੇ ਹਾਂ। ਸਾਡਾ ਹਮੇਸ਼ਾ ਬਹੁਤ ਵਧੀਆ ਰਿਸ਼ਤਾ ਰਿਹਾ ਹੈ।÷ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੁਲਾਕਾਤ ਦੌਰਾਨ ਕਿਹਾ, "ਮੇਰੇ ਲਈ ਇੱਕ ਬਹੁਤ ਵੱਡੇ ਸਨਮਾਨ ਦੀ ਗੱਲ ਹੈ ਕਿ ਮੈਂ ਇੱਕ ਦੋਸਤ ਨੂੰ ਬਹੁਤ ਸਮੇਂ ਬਾਅਦ ਮਿਲ ਰਿਹਾ ਹਾਂ। ਚੀਨ ਦੇ ਬਹੁਤ ਸਤਿਕਾਰਯੋਗ ਅਤੇ ਸਨਮਾਨਿਤ ਰਾਸ਼ਟਰਪਤੀ ਨਾਲ ਅਸੀਂ ਪਹਿਲਾਂ ਹੀ ਬਹੁਤ ਸਾਰੀਆਂ ਗੱਲਾਂ 'ਤੇ ਸਹਿਮਤ ਹੋ ਚੁੱਕੇ ਹਾਂ ਅਤੇ ਕੁਝ ਹੋਰ 'ਤੇ ਸਹਿਮਤ ਹੋਵਾਂਗੇ ਪਰ ਰਾਸ਼ਟਰਪਤੀ ਸ਼ੀ ਇੱਕ ਮਹਾਨ ਦੇਸ਼ ਦੇ ਇੱਕ ਮਹਾਨ ਨੇਤਾ ਹਨ, ਅਤੇ ਮੇਰਾ ਮੰਨਣਾ ਹੈ ਕਿ ਸਾਡੇ ਲੰਬੇ ਸਮੇਂ ਲਈ ਇੱਕ ਸ਼ਾਨਦਾਰ ਸਬੰਧ ਰਹਿਣਗੇ।

## ਤ੍ਰਿਪਤ ਰਜਿੰਦਰ ਬਾਜਵਾ ਨੇ ਦਿੱਤਾ ਅਸਤੀਫ਼ਾ, ਵਿਧਾਨ ਸਭਾ ਵਲੋਂ ਮਨਜ਼ੂਰ

**ਚੰਡੀਗੜ੍ਹ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਨਾਲ ਜੁੜੀ



ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿਸ ਅਨੁਸਾਰ ਪੰਜਾਬ ਦੇ ਸੀਨੀਅਰ ਕਾਂਗਰਸ ਆਗੂ ਅਤੇ ਸਾਬਕਾ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਬੇਅਦਬੀਆਂ ਰੋਕਣ ਅਤੇ ਧਾਰਮਿਕ ਗ੍ਰੰਥਾਂ ਦੇ ਮਾਮਲੇ ਸੰਬੰਧੀ ਕਾਨੂੰਨ ਬਣਾਉਣ ਲਈ ਬਣੀ ਕਮੇਟੀ ਤੋਂ ਅਸਤੀਫਾ ਦੇ ਦਿੱਤਾ ਹੈ ਪ੍ਰਾਪਤ ਜਾਣਕਾਰੀ ਮੁਤਾਬਕ, ਤ੍ਰਿਪਤ ਬਾਜਵਾ ਵੱਲੋਂ ਸਪੀਕਰ ਨੂੰ ਸੌਂਪਿਆ ਗਿਆ ਇਹ ਅਸਤੀਫਾ ਪੰਜਾਬ ਵਿਧਾਨ ਸਭਾ ਵੱਲੋਂ ਮਨਜ਼ੂਰ (ਸਵੀਕਾਰ) ਕਰ ਲਿਆ ਗਿਆ ਹੈ। ਦੱਸ ਦਈਏ ਕਿ ਵਿਧਾਨ ਸਭਾ ਵਲੋਂ ਇਹ ਕਮੇਟੀ ਉਸ ਵੇਲੇ ਬਣਾਈ ਗਈ ਸੀ, ਜਦੋਂ ਸੂਬੇ ਭਰ ਵਿੱਚ ਵੱਖ-ਵੱਖ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲਿਆਂ ਨੂੰ ਲੈ ਕੇ ਚਿੰਤਾ ਵਧੀ ਸੀ। ਕਮੇਟੀ ਦਾ ਮੁੱਖ ਮਕਸਦ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨੀ ਪ੍ਰਾਵਧਾਨ ਬਣਾਉਣਾ ਸੀ। ਇਸ ਦਾ ਕੰਮ ਧਾਰਮਿਕ ਗ੍ਰੰਥਾਂ ਦੀ ਸੁਰੱਖਿਆ, ਆਦਰ ਅਤੇ ਬੇਅਦਬੀ ਕਰਨ ਵਾਲਿਆਂ ਖ਼ਿਲਾਫ਼ ਸਜ਼ਾਵਾਂ ਦੇ ਕਾਨੂੰਨੀ ਢਾਂਚੇ ਨੂੰ ਤਿਆਰ ਕਰਨਾ ਸੀ। ਦੱਸਿਆ ਜਾ ਰਿਹਾ ਹੈ ਕਿ ਸਾਬਕਾ ਮੰਤਰੀ ਤ੍ਰਿਪਤ ਬਾਜਵਾ ਨੇ ਕੁਝ ਕਾਨੂੰਨੀ ਪ੍ਰਕਿਰਿਆਵਾਂ ਅਤੇ ਸਿਆਸੀ ਦ੍ਰਿਸ਼ਟੀਕੋਣ ਨੂੰ ਲੈ ਕੇ ਕਮੇਟੀ ਤੋਂ ਹਟਣ ਦਾ ਫੈਸਲਾ ਕੀਤਾ ਹੈ। ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਕਈ ਵਾਰ ਇਹ ਗੱਲ ਮੰਨੀ ਹੈ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਜਿਹੀਆਂ ਘਟਨਾਵਾਂ ਸੰਵੇਦਨਸ਼ੀਲ ਹਨ ਅਤੇ ਇਨ੍ਹਾਂ ਉੱਤੇ ਸਿਆਸੀ ਲਾਭ ਲਈ ਸਿਆਸਤ ਨਹੀਂ ਹੋਣੀ ਚਾਹੀਦੀ। ਇਸ ਘਟਨਾ ਨੇ ਪੰਜਾਬ ਦੇ ਸਿਆਸੀ ਅਤੇ ਧਾਰਮਿਕ ਮਾਮਲਿਆਂ ਵਿੱਚ ਬਣੀ ਇਸ ਮਹੱਤਵਪੂਰਨ ਕਮੇਟੀ ਦੀ ਕਾਰਜਸ਼ੈਲੀ ਨੂੰ ਲੈ ਕੇ ਨਵੇਂ ਸਵਾਲ ਖੜ੍ਹੇ ਕਰ ਦਿੱਤੇ ਹਨ।

## ਗੈਂਗਸਟਰ ਜੱਗੂ ਭਗਵਾਨਪੁਰੀਆ ਨੂੰ ਬਟਾਲਾ ਅਦਾਲਤ 'ਚ ਕੀਤਾ ਗਿਆ ਪੇਸ਼, ਪੁਲਿਸ ਨੂੰ ਮਿਲਿਆ 3 ਦਿਨ ਦਾ ਰਿਮਾਂਡ

ਗੈਂਗਸਟਰ ਜੱਗੂ ਭਗਵਾਨਪੁਰੀਆ ਨੂੰ ਬੀਤੀ ਦੇਰ ਰਾਤ ਬਟਾਲਾ ਪੁਲਿਸ ਵੱਲੋਂ ਆਸਾਮ ਦੀ ਸਿਲਚਰ ਜੇਲ੍ਹ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਪੰਜਾਬ ਲਿਆਂਦਾ ਗਿਆ ਹੈ। ਜੱਗੂ ਭਗਵਾਨਪੁਰੀਆ ਨੂੰ ਵੀਰਵਾਰ ਸਵੇਰੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਹਵਾਈ ਉਡਾਣ ਰਾਹੀਂ ਅੰਮ੍ਰਿਤਸਰ ਲਿਆਂਦਾ ਗਿਆ ਅਤੇ ਫਿਰ ਬਟਾਲਾ ਪੁਲਿਸ ਵੱਲੋਂ ਭਾਰੀ ਪੁਲਿਸ ਨਿਗਰਾਨੀ ਹੇਠ ਬਟਾਲਾ ਕੋਰਟ ਵਿੱਚ ਪੇਸ਼ ਕੀਤਾ ਗਿਆ। ਜਿੱਥੇ ਬਟਾਲਾ ਅਦਾਲਤ ਵੱਲੋਂ ਜੱਗੂ ਭਗਵਾਨਪੁਰੀਆ ਨੂੰ ਤਿੰਨ ਦਿਨ ਦੇ ਪੁਲਿਸ ਰਿਮਾਂਡ ਤੇ ਭੇਜਿਆ ਗਿਆ ਹੈ। ਬਟਾਲਾ ਪੁਲਿਸ ਨੇ ਦਸਿਆ ਕਿ ਪੁਲਿਸ ਜ਼ਿਲ੍ਹਾ ਬਟਾਲਾ ਦੇ ਥਾਣਾ ਘੁਮਾਣ 'ਚ ਇਕ ਗੈਂਗਸਟਰ ਬਿੱਲਾ ਮੰਡਿਆਲਾ ਦੇ ਸਾਥੀ ਗੋਰਾ ਬਰਿਆਰ ਦਾ ਕਤਲ ਹੋਇਆ ਸੀ ਅਤੇ ਉਸ ਮਾਮਲੇ 'ਚ ਜਗਦੀਪ ਸਿੰਘ ਜੱਗੂ ਨਾਮਜ਼ਦ ਸੀ ਅਤੇ ਉਸ ਕੇਸ ਦੀ ਪੁੱਛਗਿੱਛ ਲਈ ਅੱਜ ਬਟਾਲਾ ਅਦਾਲਤ 'ਚ ਉਸ ਨੂੰ ਪੇਸ਼ ਕੀਤਾ ਗਿਆ ਸੀ ਅਤੇ ਮਾਣਯੋਗ ਅਦਾਲਤ ਵੱਲੋਂ ਜੱਗੂ ਦਾ ਤਿੰਨ ਦਿਨ ਦਾ ਪੁਲਿਸ ਰਿਮਾਂਡ ਮਿਲਿਆ ਹੈ ਅਤੇ ਉਹਨਾਂ ਕਿਹਾ ਕਿ ਪਹਿਲਾਂ ਇਸ ਕੇਸ ਬਾਰੇ ਪੁੱਛਗਿੱਛ ਕੀਤੀ ਜਾਵੇਗੀ।

## ਅਮਰੀਕਾ 'ਚ ਕੰਮ ਕਰਦੇ ਭਾਰਤੀਆਂ ਲਈ ਵੱਡਾ ਝਟਕਾ ! ਨਿਯਮਾਂ 'ਚ ਹੋਇਆ ਬਦਲਾਅ, ਹਜ਼ਾਰਾਂ 'ਤੇ ਅਸਰ

**ਵਾਸ਼ਿੰਗਟਨ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ (DHS) ਨੇ ਇੱਕ ਬਦਲਾਅ ਕੀਤਾ ਹੈ ਜੋ ਹਜ਼ਾਰਾਂ ਭਾਰਤੀ ਪੇਸ਼ੇਵਰਾਂ ਅਤੇ ਉਨ੍ਹਾਂ ਦੇ ਆਸ਼ਿਰਤਾਂ ਨੂੰ ਕੰਮ ਕਰਨਾ ਬੰਦ ਕਰਨ ਲਈ ਮਜਬੂਰ ਕਰੇਗਾ ਜੇਕਰ ਉਨ੍ਹਾਂ ਦੇ ਰੁਜ਼ਗਾਰ ਅਧਿਕਾਰ ਨਵੀਨੀਕਰਨ ਸਮੇਂ ਸਿਰ ਮਨਜ਼ੂਰ ਨਹੀਂ ਕੀਤੇ ਜਾਂਦੇ ਹਨ। ਇਹ ਨਿਯਮ ਵੀਰਵਾਰ (30 ਅਕਤੂਬਰ, 2025) ਨੂੰ ਲਾਗੂ ਹੋਇਆ। ਨਵੇਂ ਨਿਯਮ ਦੇ ਅਨੁਸਾਰ, ਰੁਜ਼ਗਾਰ ਅਧਿਕਾਰ ਦਸਤਾਵੇਜ਼ਾਂ (EADs) ਦੇ ਆਟੋਮੈਟਿਕ ਐਕਸਟੈਂਸ਼ਨ ਦੀ ਮਿਆਦ ਖਤਮ ਹੋ ਜਾਵੇਗੀ, ਜਿਸ ਨਾਲ ਗੈਰ-ਅਮਰੀਕੀ ਨਾਗਰਿਕਾਂ ਨੂੰ ਉੱਥੇ ਕੰਮ ਕਰਨ ਤੋਂ ਰੋਕਿਆ ਜਾਵੇਗਾ। ਇੱਕ ਬਿਆਨ ਵਿੱਚ, DHS ਨੇ ਕਿਹਾ ਕਿ 30 ਅਕਤੂਬਰ, 2025 ਨੂੰ ਜਾਂ ਇਸ



ਤੋਂ ਬਾਅਦ ਆਪਣੇ EADs ਨੂੰ ਰੀਨਿਊ ਕਰਨ ਲਈ ਅਰਜ਼ੀ ਦੇਣ ਵਾਲੇ ਵਿਦੇਸ਼ੀ ਹੁਣ ਆਟੋਮੈਟਿਕ ਐਕਸਟੈਂਸ਼ਨ ਪ੍ਰਾਪਤ ਨਹੀਂ ਕਰਨਗੇ। ਆਟੋਮੈਟਿਕ 514 ਐਕਸਟੈਂਸ਼ਨਾਂ ਨੂੰ ਖਤਮ ਕਰਨ ਨਾਲ ਹੁਣ ਸੰਯੁਕਤ ਰਾਜ ਅਮਰੀਕਾ ਵਿੱਚ ਕੰਮ ਦੀ ਮੰਗ ਕਰਨ ਵਾਲੇ ਵਿਦੇਸ਼ੀਆਂ ਦੀ ਕਈ ਵਾਰ ਜਾਂਚ ਹੋਵੇਗੀ। ਪਹਿਲਾਂ, ਕਰਮਚਾਰੀ 540 ਦਿਨਾਂ ਤੱਕ ਆਪਣਾ ਰੁਜ਼ਗਾਰ ਜਾਰੀ ਰੱਖ ਸਕਦੇ ਸਨ ਜਦੋਂ ਕਿ ਉਨ੍ਹਾਂ ਦੀਆਂ ਨਵੀਨੀਕਰਨ ਅਰਜ਼ੀਆਂ ਪ੍ਰਵਾਨਗੀ ਲਈ ਲੰਬਿਤ ਸਨ। ਨਵੇਂ ਨਿਯਮ ਦੇ ਤਹਿਤ, ਜੇਕਰ ਕਿਸੇ ਵਿਅਕਤੀ ਦੇ ਨਵੀਨੀਕਰਨ ਨੂੰ ਉਨ੍ਹਾਂ ਦੇ ਮੌਜੂਦਾ 514 ਦੀ ਮਿਆਦ ਪੁੱਗਣ ਤੋਂ ਪਹਿਲਾਂ ਮਨਜ਼ੂਰੀ ਨਹੀਂ ਦਿੱਤੀ ਜਾਂਦੀ, ਤਾਂ ਉਨ੍ਹਾਂ ਨੂੰ ਤੁਰੰਤ ਕੰਮ ਕਰਨਾ ਬੰਦ ਕਰ ਦੇਣਾ ਚਾਹੀਦਾ ਹੈ। DHS ਵੱਲੋਂ ਜਾਰੀ ਇੱਕ ਬਿਆਨ ਦੇ ਅਨੁਸਾਰ, USCIS ਗੈਰ-ਅਮਰੀਕੀਆਂ ਨੂੰ ਸਲਾਹ ਦਿੰਦਾ ਹੈ ਕਿ ਉਹ ਆਪਣੀ EAD ਦੀ ਮਿਆਦ ਪੁੱਗਣ ਤੋਂ 180 ਦਿਨ ਪਹਿਲਾਂ ਤੱਕ ਆਪਣੀਆਂ EAD ਨਵੀਨੀਕਰਨ ਅਰਜ਼ੀਆਂ ਸਮੇਂ ਸਿਰ ਅਤੇ ਸਹੀ ਢੰਗ ਨਾਲ ਦਾਇਰ ਕਰਨ। ਇੱਕ ਪਰਦੇਸੀ EAD ਨਵੀਨੀਕਰਨ ਅਰਜ਼ੀ ਦਾਇਰ ਕਰਨ ਲਈ ਜਿੰਨਾ ਜ਼ਿਆਦਾ ਇੰਤਜ਼ਾਰ ਕਰਦਾ ਹੈ, ਓਨੀ ਹੀ ਜ਼ਿਆਦਾ ਸੰਭਾਵਨਾ ਹੁੰਦੀ ਹੈ ਕਿ ਉਨ੍ਹਾਂ ਦਾ ਰੁਜ਼ਗਾਰ ਅਧਿਕਾਰ ਜਾਂ ਦਸਤਾਵੇਜ਼ ਅਸਥਾਈ ਤੌਰ 'ਤੇ ਖਤਮ ਹੋ ਸਕਦੇ ਹਨ। ਟਰੰਪ ਪ੍ਰਸ਼ਾਸਨ ਦੇ ਇਸ ਫੈਸਲੇ ਦਾ ਭਾਰਤੀ ਨਾਗਰਿਕਾਂ 'ਤੇ ਵੱਡਾ ਪ੍ਰਭਾਵ ਪੈਣ ਦੀ ਉਮੀਦ ਹੈ, ਜੋ ਕਿ ਅਮਰੀਕੀ ਪ੍ਰਵਾਸੀ ਕਾਰਜਬਲ ਦਾ ਇੱਕ ਵੱਡਾ ਹਿੱਸਾ ਹਨ ਅਤੇ ਪਹਿਲਾਂ ਹੀ ਗ੍ਰੀਨ ਕਾਰਡ ਅਤੇ ਵੀਜ਼ਾ ਮਾਮਲਿਆਂ ਦੇ ਬੈਕਲਾਗ ਦਾ ਸਾਹਮਣਾ ਕਰ ਰਹੇ ਹਨ। ਸੀਨੀਅਰ ਵਕੀਲ ਹੈਨਰੀ ਲਿੰਡਪੇਅਰ ਨੇ ਕਿਹਾ ਕਿ ਇਹ ਨਿਯਮ ਅਮਰੀਕਾ ਵਿੱਚ ਰੁਜ਼ਗਾਰ ਅਧਿਕਾਰ ਨਵੀਨੀਕਰਨ ਦੀ ਪ੍ਰਕਿਰਿਆ ਦੇ ਤਰੀਕੇ ਵਿੱਚ ਇੱਕ ਵੱਡੀ ਤਬਦੀਲੀ ਨੂੰ ਦਰਸਾਉਂਦਾ ਹੈ। ਪ੍ਰਭਾਵਿਤ ਭਾਰਤੀਆਂ ਦੀਆਂ ਸ਼੍ਰੇਣੀਆਂ ਵਿੱਚ ਓਪੀਟੀ ਵਿਦਿਆਰਥੀ, ਐਚ-4 ਵੀਜ਼ਾ ਬਿਨੈਕਾਰ ਅਤੇ ਗ੍ਰੀਨ ਕਾਰਡ ਬਿਨੈਕਾਰ ਸ਼ਾਮਲ ਹਨ।

## ਮਜੀਠੀਆ ਨੂੰ ਲੈ ਕੇ ਕੈਪਟਨ ਅਮਰਿੰਦਰ ਦਾ ਵੱਡਾ ਬਿਆਨ , ਭਗਵੰਤ ਮਾਨ ਵੱਲੋਂ ਮਜੀਠੀਆ ਦੀ ਦੁਬਾਰਾ ਜਾਂਚ ਕਰਨ ਦਾ ਕੀ ਮਤਲਬ ?




**ਚੰਡੀਗੜ੍ਹ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਿਕਰਮ ਸਿੰਘ ਮਜੀਠੀਏ ਦੇ ਕੇਸ ਸਬੰਧੀ ਕੈਪਟਨ ਅਮਰਿੰਦਰ ਸਿੰਘ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਬਿਕਰਮ ਮਜੀਠੀਏ ਦੀ ਇਨਵੈਸਟੀਗੇਸ਼ਨ ਹਰਪ੍ਰੀਤ ਸਿੰਘ ਸਿੱਧੂ ਵੱਲੋਂ ਬੰਦ ਲਿਫਾਫੇ ਵਿੱਚ ਮਾਨਯੋਗ ਹਾਈਕੋਰਟ ਨੂੰ ਸੌਂਪ ਦਿੱਤੀ ਹੈ ਅਤੇ ਉਸ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੁਬਾਰਾ ਇਨਵੈਸਟੀਗੇਸ਼ਨ ਕਰਨ ਦਾ ਮਤਲਬ ਕੀ ਹੈ ? ਉਨ੍ਹਾਂ ਕਿਹਾ ਕਿ ਇੱਕ ਵਾਰ ਇਨਵੈਸਟੀਗੇਸ਼ਨ ਹੋਗੀ ਤੇ ਸੀਲ ਬੰਦ ਲਿਫਾਫੇ ਵਿੱਚ ਹਾਈਕੋਰਟ 'ਚ ਪਈ ਹੈ। ਹਾਈਕੋਰਟ ਦੱਸੇ ਕਿ ਇਹ ਇਨਵੈਸਟੀਗੇਸ਼ਨ ਠੀਕ ਹੈ ਜਾਂ ਨਹੀਂ, ਇਹ ਮੁੱਖ ਮੰਤਰੀ ਭਗਵੰਤ ਮਾਨ ਕੌਣ ਹੁੰਦਾ ਦੁਬਾਰਾ ਇਨਵੈਸਟੀਗੇਸ਼ਨ ਕਰਨ ਵਾਲਾ। ਦੁਬਾਰਾ ਇਨਵੈਸਟੀਗੇਸ਼ਨ ਕਰਨ ਨੂੰ ਅਮਰੀਕਾ 'ਚ ਡਬਲ ਜੇਪੀਡੀ ਕਹਿੰਦੇ ਨੇ ਕਿ ਇੱਕ ਕ੍ਰਾਈਮ 'ਤੇ ਦੋ ਇਨਵੈਸਟੀਗੇਸ਼ਨ ਨਹੀਂ ਹੋ ਸਕਦੀਆਂ। ਦੱਸ ਦੇਈਏ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਪੰਜਾਬ ਦੀ ਸਿਆਸਤ 'ਚ ਮੁੜ ਐਕਟਿਵ ਹੋ ਗਏ ਹਨ। ਪਿਛਲੇ 2 ਸਾਲ ਉਹ ਸਿਹਤ ਖ਼ਰਾਬ ਹੋਣ ਕਾਰਨ ਐਕਟਿਵ ਨਹੀਂ ਸਨ ਪਰ ਹੁਣ ਉਨ੍ਹਾਂ ਦੀ ਸਿਹਤ ਵਿੱਚ ਕਾਫੀ ਸੁਧਾਰ ਆ ਗਿਆ ਹੈ। ਉਹ ਅੱਜ ਫਰੀਦਕੋਟ ਵਿੱਚ ਇੱਕ ਪ੍ਰੋਗਰਾਮ 'ਚ ਸ਼ਾਮਿਲ ਹੋਏ ਹਨ। ਇਸ ਤੋਂ ਪਹਿਲਾਂ ਉਹ ਮੋਗਾ ਦੇ ਭਾਜਪਾ ਦਫ਼ਤਰ ਵਿੱਚ ਪਹੁੰਚੇ ਸਨ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ

## ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ) —** ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ :** ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ :** ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ :** ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ :** ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

**ਚੋਣ ਮਿਤੀ:**
**11 ਨਵੰਬਰ 2025**
**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--✶ ਜਾਰੀ ਕਰਤਾ ✶--

## ਇੰਟਰਨੈਸ਼ਨਲ ਪੰਥਕ ਦਲ


ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---


ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ





ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# 29ਵਾਂ ਸਲਾਨਾ ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰ. 98141-27470, 84278-66404, 73408-35137



# ਸਾਂਝਾ ਪੰਜਾਬ

## VEG & NON-VEG INDIAN


WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com




0784 102 9416

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

# ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਿਤ ਸਮਾਗਮਾਂ ਦੀ ਹੋਈ ਆਰੰਭਤਾ








ਜੱਸੋਵਾਲ - ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 1 ਨਵੰਬਰ ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਲਈ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਬੰਧ ਵਿੱਚ ਸੰਤ ਚਰਨਜੀਤ ਸਿੰਘ ਜੱਸੋਵਾਲ, ਜੋ ਕਿ ਦਮਦਮੀ ਟਕਸਾਲ ਦੇ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਹਨ, ਨੇ ਅੱਜ ਪਿੰਡ ਉਗੋਵਾਲ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦੇ ਕੇ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ। ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਇਹ ਸਮਾਗਮ ਗੁਰਮਤਿ ਪ੍ਰਚਾਰ, ਕੀਰਤਨ ਦਰਬਾਰ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰਬਾਣੀ ਦਾ ਲਾਹਾ ਲੈਣ।

ਆਵਾਜ਼ਿ ਕੌਮ AWAZE QAUM
International Newspaper & WEB TV

## ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:

ਤਾਰੀਖ਼: 1 ਨਵੰਬਰ 2025

ਸਥਾਨ: ਗੁਰਦੁਆਰਾ ਸਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ)

ਆਯੋਜਕ: ਸੰਤ ਚਰਨਜੀਤ ਸਿੰਘ ਜੱਸੋਵਾਲ, ਦਮਦਮੀ ਟਕਸਾਲ / ਇੰਟਰਨੈਸ਼ਨਲ ਪੰਥਕ ਦਲ)

✶ ਜਾਰੀ ਕਰਤਾ ✶

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

# ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ





☛ ਜੋੜ ਮੇਲਾ ਅਚਲ ਬਟਾਲਾ ☛ ਜਨਮ ਦਿਹਾੜਾ ਬਾਬਾ ਬੰਦਾ ਸਿੰਘ ਬਹਾਦਰ ਪਿੰਡ ਰਾਜੌਰੀ (ਜੰਮੂ ) ☛ ਸ਼ਹੀਦੀ ਸਾਕਾ ਪੰਜਾ ਸਾਹਿਬ (ਪਾਕਿਸਤਾਨ) ☛ ਕੌਮੀ ਯੋਧੇ ਸਹੀਦੀ ਦਿਹਾੜਾ ਭਾਈ ਬੇਅੰਤ ਸਿੰਘ ਸਾਹਿਬ ਜੀ। ☛ਜਨਮ ਦਿਹਾੜਾ ਸ੍ਰੋਮਣੀ ਭਗਤ , ਭਗਤ ਨਾਮਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 1 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 2 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਰਾਗੀ ਜਥਾ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਜੋਗੇਵਾਲ ਪੰਜਾਬ ਧਰਤੀ ਤੋਂ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

## ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਐਤਵਾਰ ਮਿਤੀ 2-11-2025 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-30 ਵਜੇ ਤੱਕ

**Heart Check Up (ECG Test)**

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈਕਅਪ ਕਰਨਗੇ

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ ।
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ।
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀ.ਐਸ.ਏ.ਟੈਸਟ।
5. ਕੈਂਸਰ ਦੇ ਮਰੀਜਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿਤੀਆ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫਰੀ ਚੈੱਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜ਼ਰੂਰ ਕਰਵਾਉਣ

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

**Mob. : 94630-27634, 98151-89612**



ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਗੁਰਮਤਿ ਸਮਾਗਮ



GURU NANAK GURDWARA WILLENHALL 65-67 WALSAL ROAD (WV13 2RD)

30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ



ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204


### ਤਰਨਤਾਰਨ ਤੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਦੇ ਹੱਕ ਵਿੱਚ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਧੂੰਆਂਧਾਰ ਪ੍ਰਚਾਰ

**ਤਰਨਤਾਰਨ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਹਲਕੇ ਵਿੱਚ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਦੇ ਹੱਕ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਚਲਾਇਆ ਜਾ ਰਿਹਾ ਪ੍ਰਚਾਰ ਅੱਜ ਹੋਰ ਵੀ ਤੇਜ਼ ਰਫ਼ਤਾਰ ਨਾਲ ਅੱਗੇ ਵਧਿਆ। ਵੱਖ-ਵੱਖ ਪਿੰਡਾਂ ਵਿੱਚ ਹੋਏ ਪ੍ਰਚਾਰਿਕ ਪ੍ਰੋਗਰਾਮਾਂ ਦੌਰਾਨ ਲੋਕਾਂ ਵੱਲੋਂ ਮਿਲ ਰਹੇ ਬੇਮਿਸਾਲ ਸਹਿਯੋਗ ਨੇ ਸਾਬਤ ਕਰ ਦਿੱਤਾ ਕਿ ਤਰਨਤਾਰਨ ਹਲਕੇ ਦੀ ਜਨਤਾ ਪੰਥਕ ਏਕਤਾ ਦੇ ਨਵੇਂ ਸੰਕਲਪ ਨਾਲ ਖੜੀ ਹੈ। ਅੱਜ ਪਿੰਡ ਵਿੱਚ ਹੋਏ ਸਮਾਗਮਾਂ ਦੌਰਾਨ ਸੈਂਕੜੇ ਲੋਕਾਂ ਨੇ ਭਾਈ ਮਨਦੀਪ ਸਿੰਘ ਨੂੰ ਆਪਣਾ ਪੂਰਾ ਸਹਿਯੋਗ ਦੇਣ ਦਾ ਐਲਾਨ ਕੀਤਾ। ਇਸ ਮੌਕੇ ਤੇ ਸਥਾਨਕ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਥਕ ਆਵਾਜ਼ ਨੂੰ ਮਜ਼ਬੂਤ ਕਰਨ ਲਈ ਹਰ ਘਰ ਤੱਕ ਇਹ ਸੁਨੇਹਾ ਪਹੁੰਚਾਇਆ ਜਾਵੇ ਕਿਉਂਕਿ ਸਮਾਂ ਪੰਥਕ ਏਕਤਾ ਦਾ ਹੈ, ਨਾਂ ਕਿ ਫੁੱਟ ਪਾਉਣ ਵਾਲੀਆਂ ਤਾਕਤਾਂ ਦਾ। ਇਸ ਦੌਰਾਨ ਮੌਜੂਦ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਦੀ ਸ਼ਖ਼ਸੀਅਤ ਸਾਫ਼-ਸੁਥਰੀ ਅਤੇ ਸਮਰਪਿਤ ਹੈ। ਉਹਨਾਂ ਦਾ ਪਰਿਵਾਰ ਪੰਥਕ ਆਦਰਸ਼ਾਂ ਤੇ ਡਟਿਆ ਹੋਇਆ ਹੈ ਅਤੇ ਹਮੇਸ਼ਾ ਸਰਬੱਤ ਦੇ ਭਲੇ ਲਈ ਖੜਾ ਹੈ। ਲੋਕਾਂ ਨੇ ਵੀ ਜੋਸ਼ ਨਾਲ 'ਵਾਰਿਸ ਪੰਥ ਦੇ ਮਨਦੀਪ ਸਿੰਘ ਜਿੱਤੇਗਾ' ਦੇ ਨਾਰੇ ਲਗਾ ਕੇ ਆਪਣੇ ਮਨ ਦੀ ਗੱਲ ਜਾਹਰ ਕੀਤੀ। ਇਸ ਮੌਕੇ ਤੇ ਵਿਸ਼ੇਸ਼ ਤੌਰ ਪ੍ਰਚਾਰ ਲਈ ਪਹੁੰਚੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਜੀ, ਬਾਪੂ ਤਰਸੇਮ ਸਿੰਘ ਜੀ ਅਤੇ ਮਾਤਾ ਬਲਵਿੰਦਰ ਕੌਰ ਜੀ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਸਾਹਿਬਾਨ ਵੀ ਮੌਜੂਦ ਸਨ। ਅੰਤ ਵਿੱਚ ਸਭ ਨੇ ਇਹ ਫ਼ੈਸਲਾ ਦੁਹਰਾਇਆ ਕਿ ਤਰਨਤਾਰਨ ਹਲਕੇ ਦੀ ਹਰ ਗਲੀ ਤੇ ਪਿੰਡ ਵਿੱਚ ਭਾਈ ਮਨਦੀਪ ਸਿੰਘ ਦੀ ਜਿੱਤ ਯਕੀਨੀ ਬਣਾਈ ਜਾਵੇਗੀ, ਤਾਂ ਜੋ ਪੰਜਾਬ ਵਿੱਚ ਪੰਥਕ ਆਵਾਜ਼ ਫਿਰ ਮਜ਼ਬੂਤੀ ਨਾਲ ਉਠਾਈ ਜਾ ਸਕੇ।

**ਤਰਨਤਾਰਨ ਹਲਕੇ ਦੇ ਲੋਕਾਂ ਦੀ ਪਹਿਲੀ ਪਸੰਦ ਬਣੇ ਭਾਈ ਮਨਦੀਪ ਸਿੰਘ ਖਾਲਸਾ**

ਆਵਾਜ਼ਿ ਕੌਮ AWAZE QAUM
International Newspaper & WEB TV





# ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿ: ਜਸਵੀਰ ਸਿੰਘ ਰੋਡੇ ਵੱਲੋਂ ਨਗਰ ਕੀਰਤਨਾਂ ਦੀ ਲੜੀ ਜਾਰੀ



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ 'ਚ 15ਵਾਂ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਠਾਠ ਪਿੰਡ ਛਾਂਗਾ ਫਿਰੋਜ਼ਪੁਰ ਤੋਂ ਆਰੰਭ ਕਰਨ ਮੌਕੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ, ਬਾਬਾ ਸਵਰਨਜੀਤ ਸਿੰਘ, ਬਾਬਾ ਸਤਨਾਮ ਸਿੰਘ ਵਲੀਆਂ, ਬਾਬਾ ਬਲਵਿੰਦਰ ਸਿੰਘ ਅਤੇ ਹੋਰ ਸ਼ਖ਼ਸੀਅਤਾਂ।

**ਫਿਰੋਜ਼ਪੁਰ • ਆਵਾਜ਼ਿ ਕੌਮ ਬਿਊਰੋ**

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸਿੱਖੀ ਦੇ ਪ੍ਰਚਾਰ ਅਤੇ ਪਸਾਰ ਵਾਸਤੇ 15ਵਾਂ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਤੋਂ ਸਜਾਇਆ ਗਿਆ। ਇਹ ਵਿਸ਼ਾਲ ਨਗਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਅਤੇ ਪੰਜ ਨਿਸ਼ਾਨਚੀ ਝੂਲਦੇ ਨਿਸ਼ਾਨ ਅਤੇ ਨਗਾਰਿਆਂ ਦੀ ਚੋਟ 'ਤੇ ਸਜਾਇਆ, ਜੋ ਕਿ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਪਿੰਡ ਖਾਈ ਫੇਮੇਕੀ ਵਿਖੇ ਪਹੁੰਚਿਆ। ਇਸ ਨਗਰ ਕੀਰਤਨ ਦੀ ਦੇਖ-ਰੇਖ ਸ੍ਰੀ ਅਕਾਲ ਤਖਤ ਸਾਹਿਬ ਸਿੰਘ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੀ ਸੁਚੱਜੀ ਦੇਖ-ਰੇਖ ਹੇਠ ਚਲਿਆ। ਇਸ ਵਿਸ਼ਾਲ ਨਗਰ ਕੀਰਤਨ ਨੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਤੋਂ ਆਰੰਭ ਹੋ ਕੇ ਪਿੰਡ ਮੁਰਕ ਵਾਲਾ, ਵੱਡੀ ਟਿੱਬੀ, ਜੀ.ਜੀ.ਐਸ ਕਾਨਵੈਂਟ ਸਕੂਲ, ਨਿਆਜੀਆਂ, ਲੱਖਾ ਹਾਜੀ, ਮਿੱਡਾ ਹਾਜੀ, ਪੀਰੂ ਵਾਲਾ, ਰੋਡੇ, ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਜੀ ਪਿੰਡ ਵੱਲੀਆਂ, ਹਸਨਢੁੱਟ ਰਾਹੀਂ ਹੁੰਦੇ ਹੋਏ ਸ਼ਾਮ ਨੂੰ ਪਿੰਡ ਖਾਈ ਫੇਮੇ ਕੀ ਵਿਖੇ ਵਿਸ਼ਰਾਮ ਕੀਤਾ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਰੋਡੇ ਨੇ ਵੱਖ-ਵੱਖ ਪੜ੍ਹਾਵਾਂ 'ਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹਿੰਦੂ ਧਰਮ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ ਅਤੇ ਸ਼ਹੀਦਾਂ ਦੀਆਂ ਜੀਵਨੀਆਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ 25 ਨਵੰਬਰ ਨੂੰ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਤਾਬਦੀ ਆ ਰਹੀ ਹੈ, ਜੋ ਕਿ ਦੇਸ਼ਾਂ-ਵਿਦੇਸ਼ਾਂ ਦੀਆਂ ਸੰਗਤਾਂ ਮਨਾਉਣਗੀਆਂ, ਪਰ ਅਸੀਂ ਘਰ ਬੈਠੇ ਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਅਨੇਕਾਂ ਸ਼ਹੀਦਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ

- **ਕਿਹਾ, ਜਿਹੜਾ ਬੂਟਾ ਲਗਾ ਕੇ ਗੁਰੂ ਸਾਹਿਬ ਜੀ ਨੇ ਸਿੱਖੀ ਦੀ ਜੜ ਮਜ਼ਬੂਤ ਕੀਤੀ ਹੈ, ਉਸ ਨੂੰ ਕਾਇਮ ਰੱਖਣਾ ਜ਼ਰੂਰੀ**
- **15ਵਾਂ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਤੋਂ ਸਜਾਇਆ**

ਜੀ, ਭਾਈ ਦਿਆਲਾ ਜੀ ਦੇ ਸਤਿਕਾਰ ਵਿੱਚ ਉਨ੍ਹਾਂ ਲਈ ਇਕ ਪਾਠ ਹਰ ਰੋਜ਼ ਜਪੁਜੀ ਸਾਹਿਬ ਜੀ ਦਾ ਜਰੂਰ ਕਰਨਾ ਹੈ ਅਤੇ ਨਾਲ ਹੀ ਬਾਣੀ ਅਤੇ ਬਾਣੇ ਦਾ ਧਾਰਨੀ ਹੋਣਾ ਚਾਹੀਦਾ ਹੈ ਅਤੇ ਨਸ਼ਿਆਂ ਦਾ ਤਿਆਗ ਕਰਕੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਲੜ ਲੱਗਣਾ ਚਾਹੀਦਾ ਹੈ। ਜਿਹੜਾ ਬੂਟਾ ਲਗਾ ਕੇ ਗੁਰੂ ਸਾਹਿਬ ਜੀ ਨੇ ਸਿੱਖੀ ਦੀ ਜੜ ਮਜ਼ਬੂਤ ਕੀਤੀ ਹੈ, ਉਸ ਸਿੱਖੀ ਨੂੰ ਕਾਇਮ ਰੱਖਣਾ ਚਾਹੀਦਾ ਹੈ ਅਤੇ ਆਪਣੇ ਸਰੀਰ ਦੇ ਕੇਸ ਨਹੀਂ ਕਟਵਾਉਣੇ ਚਾਹੀਦੇ। ਇਸ ਮੌਕੇ 'ਤੇ ਥਾਂ-ਥਾਂ ਤ ਸੋਹਣੇ ਗੇਟ ਸਜਾਏ ਹੋਏ, ਪਿੰਡ ਨਿਵਾਸੀਆਂ ਨੇ ਗੁਰੂ ਕਾ ਲੰਗਰ, ਚਾਹ ਦਾ ਲੰਗਰ, ਫਰੂਟ ਦਾ ਲੰਗਰ ਅਤੇ ਅਨੇਕਾਂ ਪ੍ਰਕਾਰ ਦੇ ਲੰਗਰ ਛਕਾਏ ਗਏ। ਇਸ ਮੌਕੇ 'ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਸੰਤ ਬਾਬਾ ਸੁੱਚਾ ਸਿੰਘ ਨੇ ਵਿਸ਼ਾਲ ਨਗਰ ਕੀਰਤਨ ਵਿਚ ਬਹੁਤ ਵਧੀਆ ਯੋਗਦਾਨ ਪਾਇਆ। ਸੰਗਤਾਂ ਲਈ ਲੰਗਰ, ਮਿਠਾਈਆਂ ਦੇ ਲੰਗਰ ਅਤੇ ਸਮੁੱਚੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਸਨਮਾਨਿਤ ਕੀਤਾ ਅਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਰੋਡੇ ਦਾ ਸਨਮਾਨ ਕੀਤਾ। ਇਸ ਮੌਕੇ ਤੇ ਸੰਤ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਗਿਆਨੀ ਬਲਵਿੰਦਰ ਸਿੰਘ ਖਾਲਸਾ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਸੁਖਦੇਵ ਸਿੰਘ ਖਾਲਸਾ ਬੁਕਣ ਖਾਂ ਵਾਲੇ, ਭਾਈ ਜਗਸੀਰ ਸਿੰਘ ਮੋਗਾ ਮੀਤ ਪ੍ਰਧਾਨ ਪੰਜਾਬ, ਗਿਆਨੀ ਸੁਖਜਿੰਦਰ ਸਿੰਘ ਖਾਲਸਾ ਹਰਦਿਆਲੇਆਣਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਬਾਬਾ ਸਤਨਾਮ ਸਿੰਘ ਵੱਲੀਆ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਭਾਈ ਪਿੱਪਲ ਸਿੰਘ ਸਦਰਦੀਨ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ, ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ ਧਾਰਮਿਕ ਵਿੰਗ, ਭਾਈ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ ਫ਼ਿਰੋਜ਼ਪੁਰ, ਸਮੂਹ ਆਗੂ ਇੰਟਰਨੈਸ਼ਨਲ ਪੰਥਕ ਦਲ, ਭਾਈ ਬੂਟਾ ਸਿੰਘ, ਭਾਈ ਮੇਜਰ ਸਿੰਘ, ਭਾਈ ਰਣਜੋਤ ਸਿੰਘ ਫੌਜੀ ਰੋਡੇ, ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਭਾਈ ਲੱਖਾ ਸਿੰਘ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਗੁਰਬਖਸ਼ ਸਿੰਘ ਤੇ ਹੋਰ ਸਖਸ਼ੀਅਤਾਂ ਹਾਜਰ ਸਨ।

### ਸ਼੍ਰੋਮਣੀ ਕਮੇਟੀ ਅਤੇ ਸਕੱਤਰੇਤ ਸ਼੍ਰੀ ਅਕਾਲ ਤਖ਼ਤ ਸਾਹਿਬ

# ਸੰਗਤ ਦੀ ਸ਼ੰਕਾ ਦੂਰ ਕਰਨ - ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ, ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਕੱਤਰੇਤ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਹੈ ਕਿ ਉਹ ਗੁਰਮਤ ਮਰਿਆਦਾ ਅਤੇ ਬੀਤੇ ਸਮੇਂ ਦੌਰਾਨ ਜਾਰੀ ਹੋਏ ਹੁਕਮਨਾਮਿਆਂ ਦੀ ਰੌਸ਼ਨੀ ਵਿੱਚ ਸਿੱਖ ਸੰਗਤ ਦੀ ਸ਼ੰਕਾ ਦੂਰ ਕਰਨ ਕਿ ਕਿਸੇ ਵਿਅਕਤੀ ਵਿਸ਼ੇਸ਼ ਜਾਂ ਸਾਧ ਨੂੰ ਸਰੀਰਕ ਮਜਬੂਰੀ ਦੇ ਚਲਦਿਆਂ ਗੁਰੂ ਦਰਬਾਰ ਵਿੱਚ ਕੁਰਸੀ ਦੇ ਬੈਠਣ ਦੀ ਛੋਟ ਹੈ ?

ਪ੍ਰੋ. ਖਿਆਲਾ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਬਠਿੰਡੇ ਨਾਲ ਸੰਬੰਧਿਤ ਡੇਰੇ ਦੇ ਇੱਕ ਸਾਧ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਗ਼ਲ ਵਿਚ ਕੁਰਸੀ ਡਾ ਕੇ ਬੈਠਣ ਦਾ ਵਿਵਾਦ ਸਿੱਖ ਜਹਾਨ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਸ ਕਿਰਿਆ ਪ੍ਰਤੀ ਸਿੱਖ ਸਮਾਜ ਦਾ ਇੱਕ ਹਿੱਸਾ ਗੰਭੀਰ ਇਤਰਾਜ਼ ਜਤਾ ਰਿਹਾ ਹੈ, ਜਦਕਿ ਸਾਧ ਅਤੇ ਉਸ ਦੇ ਹਮਾਇਤੀ ਭੁੱਲ ਜਾਂ ਗ਼ਲਤੀ ਸਮਝ ਕੇ ਹੁਣ ਤੱਕ ਖਿਮਾ ਜਾਚਨਾ ਜਾਂ ਪਸ਼ਚਾਤਾਪ ਕਰਨ ਦੀ ਥਾਂ ਇਸ ਵਰਤਾਰੇ ਨੂੰ ਤਰਕ ਦਲੀਲਾਂ ਨਾਲ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਹ ਇਹ ਦਲੀਲ ਦੇ ਰਹੇ ਹਨ ਕਿ ਜਿਵੇਂ ਇੱਕ ਤਖ਼ਤ 'ਤੇ ਗੁਰੂ ਸਾਹਿਬ ਬਿਰਾਜਮਾਨ ਹੁੰਦੇ ਹਨ ਤੇ ਦੂਜੇ 'ਤੇ ਕਥਾਵਾਚਕ ਜਾਂ ਕੀਰਤਨੀਏ ਸਿੰਘ ਬੈਠਦੇ ਹਨ, ਉਸੇ ਤਰ੍ਹਾਂ ਕੁਰਸੀ 'ਤੇ ਬੈਠਣਾ ਅਨੁਚਿਤ ਨਹੀਂ।

ਪ੍ਰੋ. ਖਿਆਲਾ ਨੇ ਕਿਹਾ ਕਿ ਅਜਿਹੀਆਂ ਦਲੀਲਾਂ ਗੁਰਮਤ ਦੇ ਮੁੱਢਲੇ ਸਿਧਾਂਤਾਂ ਅਨੁਸਾਰ ਹਨ ? ਕੁਝ ਗੁਰੂ ਘਰਾਂ ਵਿੱਚ ਦਰਬਾਰ ਦੇ ਪਿਛਲੇ ਹਿੱਸੇ ਵਿੱਚ ਕੁਰਸੀਆਂ ਜਾਂ ਬੈਂਚਾਂ ਦੀ ਵਿਵਸਥਾ ਹੁੰਦੀ ਦੇਖੀ ਗਈ ਹੈ, ਤਾਂ ਜੋ ਬਜ਼ੁਰਗ ਜਾਂ ਅਸਹਾਇ ਸੰਗਤ ਗੁਰੂ ਸਾਹਿਬ ਦੇ ਸਤਿਕਾਰ ਨੂੰ ਕਾਇਮ ਰੱਖਦਿਆਂ ਦਰਸ਼ਨ ਕਰ ਸਕਣ। ਪਰ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕੁਰਸੀ ਡਾ ਕੇ ਬੈਠਣ ਦੀ ਪ੍ਰਥਾ ਪਹਿਲਾਂ ਕਦੇ ਨਹੀਂ ਹੋਈ ਹੈ।

ਉਹਨਾਂ ਯਾਦ ਕਰਵਾਇਆ ਕਿ 20 ਅਪ੍ਰੈਲ 1998 ਨੂੰ ਪੰਜ ਸਿੰਘ ਸਾਹਿਬਾਨਾਂ ਵੱਲੋਂ ਜਾਰੀ ਹੁਕਮਨਾਮੇ ਰਾਹੀਂ ਦੇਸ਼ ਵਿਦੇਸ਼ ਵਿੱਚ ਗੁਰੂ ਕੇ ਲੰਗਰ ਕੁਰਸੀਆਂ ਉੱਤੇ ਬੈਠ ਕੇ ਛਕਣ ਜਾਂ ਜ਼ਮੀਨ 'ਤੇ ਬੈਠਕੇ ਦੇ ਵਿਵਾਦ ਉੱਤੇ, ਇਹ ਨਿਰਣਾ ਲਿਆ ਗਿਆ ਸੀ ਕਿ ਗੁਰੂ ਕਾ ਲੰਗਰ ਸਿਰਫ਼ ਜ਼ਮੀਨ ਉੱਤੇ ਬੈਠ ਕੇ ਹੀ ਛਕਿਆ ਜਾਵੇ, ਇਹੀ ਗੁਰਮਤ ਦੀ ਰੀਤ ਹੈ। ਇਸੇ ਤਰ੍ਹਾਂ 24 ਅਕਤੂਬਰ 2000 ਦੇ ਹੁਕਮਨਾਮੇ ਵਿੱਚ ਵੀ ਇਹ ਸਾਫ਼ ਕੀਤਾ ਗਿਆ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਨਮੁਖ ਸੰਗਤ ਵਿੱਚ ਅਤੇ ਗੁਰੂ ਕੇ ਲੰਗਰ ਅੰਦਰ ਪੰਗਤ ਵਿੱਚ ਸੰਗਤ ਨੂੰ ਪੂਰੇ ਸਤਿਕਾਰ ਨਾਲ ਚੌਕੜਾ ਮਾਰ ਕੇ ਬੈਠਣਾ ਚਾਹੀਦਾ ਹੈ। ਸਿਰਫ਼ ਸਰੀਰਕ ਮਜਬੂਰੀ ਦੀ ਸਥਿਤੀ ਵਿੱਚ ਹੀ ਵੱਖਰਾ ਪ੍ਰਬੰਧ ਕੀਤਾ ਜਾ ਸਕਦਾ ਹੈ , ਪਰ ਇਸ ਦੌਰਾਨ ਗੁਰੂ ਸਾਹਿਬ ਦੇ ਮਾਨ ਸਤਿਕਾਰ ਦਾ ਪੂਰਨ ਧਿਆਨ ਰੱਖਣਾ ਲਾਜ਼ਮੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸਵਾਲ ਇਹੀ ਉੱਠਦਾ ਹੈ ਕਿ ਕਿਸੇ ਵਿਸ਼ੇਸ਼ ਵਿਅਕਤੀ ਲਈ ਮਰਿਆਦਾ ਨੂੰ ਅੱਖੋਂ ਪਰੋਖੇ ਕੀਤਾ ਜਾ ਸਕਦਾ ਹੈ ? ਮੌਜੂਦਾ ਵਿਵਾਦ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਅਤੇ ਸਕੱਤਰੇਤ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਧਾਰੀ ਹੋਈ ਖ਼ਾਮੋਸ਼ੀ ਸੰਗਤ ਵਿੱਚ ਗੰਭੀਰ ਸੰਦੇਹ ਪੈਦਾ ਕਰ ਰਹੀ ਹੈ। ਕੀ ਇਹ ਚੁੱਪੀ ਇਸ ਕਰਕੇ ਹੈ ਕਿ ਵਿਵਾਦ ਵਿੱਚ ਘਿਰਿਆ ਸਾਧ ਹਾਲੀਆ ਸਮੇਂ ਵਿੱਚ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵਜੋਂ ਨਿਯੁਕਤੀ ਲਈ ਉਹਨਾਂ ਦੀ ਹਮਾਇਤ ਵਿੱਚ ਖੁੱਲ੍ਹ ਕੇ ਬਿਆਨਬਾਜ਼ੀ ਕੀਤੀ ਗਈ, ਜਦੋਂ ਬਹੁਤਾਤ ਵਿੱਚ ਸਿੱਖ ਜਥੇਬੰਦੀਆਂ ਨੇ ਗਿਆਨੀ ਗੜਗੱਜ ਦੀ ਨਿਯੁਕਤੀ ਅਤੇ ਦਸਤਾਰਬੰਦੀ ਨੂੰ ਅਯੋਗ ਠਹਿਰਾਇਆ ਸੀ ?

ਉਹਨਾਂ ਕਿਹਾ ਕਿ ਬੇਸ਼ੱਕ ਸਾਧ ਬਾਬੇ ਵੱਲੋਂ ਕੀਤੇ ਗਏ ਲੋਕ ਭਲਾਈ ਦੇ ਕਾਰਜ ਸ਼ਲਾਘਾਯੋਗ ਹਨ, ਪਰ ਜਦੋਂ ਗੱਲ ਗੁਰਮਤ ਮਰਿਆਦਾ ਅਤੇ ਗੁਰੂ ਸਾਹਿਬ ਦੇ ਸਤਿਕਾਰ ਨਾਲ ਜੁੜੀ ਹੋਵੇ, ਤਾਂ ਕਿਸੇ ਵੀ ਵਿਅਕਤੀ ਲਈ ਵਿਸ਼ੇਸ਼ ਛੂਟ ਕਿਵੇਂ ਹੋ ਸਕਦੀ ? ਸਿੱਖ ਪਰੰਪਰਾ ਸਦਾ ਸਮਾਨਤਾ ਅਤੇ ਅਦਬ ਦੀ ਪੁਜਾਰੀ ਰਹੀ ਹੈ, ਜਿੱਥੇ ਗੁਰੂ ਸਾਹਿਬ ਦੇ ਦਰਬਾਰ ਵਿੱਚ ਸਭ ਸੰਗਤ ਵਿੱਚ ਬੈਠ ਕੇ ਗੁਰੂ ਦੀ ਬਾਣੀ ਸੁਣਦੇ ਹਨ ਅਤੇ ਪੰਗਤ ਵਿੱਚ ਲੰਗਰ ਛਕਦੇ ਹਨ।

ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਤਿਕਾਰ ਸਾਡੀ ਸਰਬਉੱਚ ਪ੍ਰਥਮਤਾ ਹੈ, ਇਸ ਉੱਤੇ ਕੋਈ ਸਮਝੌਤਾ ਨਹੀਂ ਹੋ ਸਕਦਾ। ਸ਼੍ਰੋਮਣੀ ਕਮੇਟੀ ਅਤੇ ਸਕੱਤਰੇਤ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿੱਚ ਗੁਰਮਤ ਤੇ ਹੁਕਮਨਾਮਿਆਂ ਦੀ ਰੌਸ਼ਨੀ ਵਿੱਚ ਸਿੱਖ ਸੰਗਤ ਨੂੰ ਸਪਸ਼ਟ ਸੰਦੇਸ਼ ਜਾਰੀ ਕਰਨ, ਤਾਂ ਜੋ ਸੰਗਤ ਅਤੇ ਸਿੱਖ ਸਮਾਜ ਵਿੱਚ ਕੋਈ ਗ਼ਲਤਫ਼ਹਿਮੀ ਜਾਂ ਵਿਭਾਜਨ ਨਾ ਪੈਦਾ ਹੋਵੇ।

### ਪ੍ਰਤਾਪ ਸਿੰਘ ਬਾਜਵਾ ਨਾਲ ਮਿਲਕੇ ਜੀਤਮਹਿੰਦਰ ਸਿੰਘ ਸਿੱਧੂ ਨੇ

# ਤਰਨਤਾਰਨ 'ਚ ਕਾਂਗਰਸੀ ਉਮੀਦਵਾਰ ਲਈ ਕੀਤਾ ਪ੍ਰਚਾਰ



ਤਲਵੰਡੀ ਸਾਬੋ, 30 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਤਰਨਤਾਰਨ ਵਿਧਾਨ ਸਭਾ ਹਲਕੇ ਦੀ 11 ਨਵੰਬਰ ਨੂੰ ਹੋਣ ਜਾ ਰਹੀ ਜ਼ਿਮਨੀ ਚੋਣ ਲਈ ਸਾਰੀਆਂ ਪਾਰਟੀਆਂ ਦੇ ਆਗੂਆਂ ਨੇ ਆਪੋ ਆਪਣੀਆਂ ਧਿਰਾਂ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਤੇਜ਼ ਕਰ ਦਿੱਤਾ ਹੈ। ਇਸੇ ਲੜੀ ਤਹਿਤ ਕਾਂਗਰਸ ਵੱਲੋਂ ਲੋਕ ਸਭਾ ਚੋਣ ਲੜ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨਾਲ ਮਿਲਕੇ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ। ਸਿੱਧੂ ਦੀ ਮੀਡੀਆ ਟੀਮ ਵੱਲੋਂ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਗਿਆ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਨਿਰਦੇਸ਼ਾਂ ਮੁਤਾਬਿਕ ਜਿੱਥੇ ਜੀਤਮਹਿੰਦਰ ਸਿੰਘ ਸਿੱਧੂ ਨੇ ਇਲਾਕੇ ਦੇ ਵੱਡੀ ਗਿਣਤੀ ਕਾਂਗਰਸੀ ਆਗੂਆਂ ਤੇ ਵਰਕਰਾਂ ਸਮੇਤ ਪਿਛਲੇ ਦਿਨਾਂ ਤੋਂ ਤਰਨਤਾਰਨ 'ਚ ਡੇਰੇ ਲਾ ਕੇ ਨੁੱਕੜ ਮੀਟਿੰਗਾਂ ਕਰਦਿਆਂ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ 'ਚ ਚੋਣ ਪ੍ਰਚਾਰ ਆਰੰਭਿਆ ਹੋਇਆ ਹੈ ਉੱਥੇ ਉਨਾਂ ਨੇ ਪ੍ਰਤਾਪ ਸਿੰਘ ਬਾਜਵਾ ਨਾਲ ਮਿਲਕੇ ਤਰਨਤਾਰਨ ਖੇਤਰ ਦੇ ਕੁਝ ਪ੍ਰਭਾਵਸ਼ਾਲੀ ਪਰਿਵਾਰਾਂ ਤੱਕ ਵੀ ਪਹੁੰਚ ਕੀਤੀ ਤਾਂਕਿ ਉਹ ਕਾਂਗਰਸੀ ਉਮੀਦਵਾਰ ਦੇ ਹੱਕ 'ਚ ਆਪਣੀ ਵੋਟ ਦਾ ਇਸਤੇਮਾਲ ਕਰਨ। ਟੀਮ ਸਿੱਧੂ ਮੁਤਾਬਿਕ ਦੌਰੇ ਦੌਰਾਨ ਕਈ ਕਾਂਗਰਸੀ ਪਰਿਵਾਰਾਂ ਵੱਲੋਂ ਵਿਰੋਧੀ ਧਿਰ ਨੇਤਾ ਬਾਜਵਾ ਤੇ ਸਾਬਕਾ ਵਿਧਾਇਕ ਸਿੱਧੂ ਦਾ ਸਨਮਾਨ ਵੀ ਕੀਤਾ ਗਿਆ।

# ਬਾਬਾ ਠਾਕੁਰ ਸਿੰਘ ਜੀ ਦੀ ਯਾਦ ਵਿੱਚ ਲਗਾਇਆ ਗਿਆ ਫ਼ਰੀ ਮੈਡੀਕਲ ਕੈਂਪ



**ਮੌਲਾ ਵਾਲਾ ਖਾਸ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਕਸਾਲ ਦੇ ਮੁਖੀ ਬਾਬਾ ਠਾਕੁਰ ਸਿੰਘ ਜੀ ਦੀ ਪਵਿੱਤਰ ਯਾਦ ਵਿੱਚ ਪਿੰਡ ਘੁੱਧੂ ਵਾਲੇ ਵਿਖੇ ਇੱਕ ਵੱਡਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਆਯੋਜਨ ਚੈਰੀਟੇਬਲ ਲੈਬ (ਇਲਮੇ ਵਾਲਾ) ਵੱਲੋਂ ਕੀਤਾ ਗਿਆ ਸੀ, ਜਿਸ ਵਿੱਚ ਬਲੱਡ ਟੈਸਟ ਅਤੇ ਹੋਰ ਤਰ੍ਹਾਂ ਦੀਆਂ ਦਵਾਈਆਂ ਫਰੀ ਦਿੱਤੀਆਂ ਗਈਆਂ। ਕੈਂਪ ਦੀ ਵਿਸ਼ੇਸ਼ ਸਹਿਯੋਗੀ ਭੂਮਿਕਾ ਬਾਬਾ ਇੰਦਰ ਸਿੰਘ (ਇਮਮੇ ਵਾਲੇ) ਅਤੇ ਬਾਬਾ ਅਮਰ ਸਿੰਘ ਜੀ ਇਲਮੇ ਵਾਲੇ ਵੱਲੋਂ ਨਿਭਾਈ ਗਈ। ਇਸ ਮੌਕੇ ਡਾ. ਬਲਜੀਤ ਸਿੰਘ (ਸੂਫ਼ ਸਿੰਘ ਵਾਲਾ), ਡਾ. ਮਨਜੀਤ ਸਿੰਘ, ਅਤੇ ਡਾ. ਸਤਵੰਤ ਸਿੰਘ ਹਾਜ਼ਰ ਸਨ, ਜਿਨ੍ਹਾਂ ਨੇ ਮਰੀਜ਼ਾਂ ਦੀ ਜਾਂਚ ਕੀਤੀ ਤੇ ਸਲਾਹਾਂ ਦਿੱਤੀਆਂ। ਇਸ ਤੋਂ ਇਲਾਵਾ, ਫਿਰੋਜ਼ਪੁਰ ਤੋਂ ਆਈ ਖੂਨ ਦਾਨ ਟੀਮ ਨੇ ਵੀ ਸੇਵਾ ਕੀਤੀ ਅਤੇ ਕਈ ਨੌਜਵਾਨਾਂ ਨੇ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਕੀਤੀ। ਕੈਂਪ ਵਿੱਚ ਲਗਭਗ 150 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਹੋਰ ਟੈਸਟ ਮੁਫ਼ਤ ਕੀਤੇ ਗਏ। ਆਖ਼ਰ ਵਿੱਚ ਆਏ ਹੋਏ ਡਾਕਟਰਾਂ ਅਤੇ ਸੇਵਾਦਾਰਾਂ ਦਾ ਸਨਮਾਨ ਕੀਤਾ ਗਿਆ। ਬਾਬਾ ਠਾਕੁਰ ਸਿੰਘ ਜੀ ਦੀ ਯਾਦ ਵਿੱਚ ਲਗਾਇਆ ਇਹ ਕੈਂਪ ਸਮਾਜਕ ਸੇਵਾ ਦੀ ਰੂਹ ਨੂੰ ਮਜ਼ਬੂਤ ਬਣਾਉਂਦਾ ਹੈ।

## ਦਿਲਪ੍ਰੀਤ ਢਿੱਲੋਂ ਦੀ ਹੋਈ ਨੈਸਨਲ ਪੱਧਰ ਖੇਡਾਂ ਲਈ ਚੋਣ : ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਬੱਚੇ ਖੇਡਾਂ ਵਿੱਚ ਮੋਹਰੀ -ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ




ਲੁਧਿਆਣਾ -(ਵਰਿਆਮ ਹਠੂਰ) ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀ ਦਿਲਪ੍ਰੀਤ ਢਿੱਲੋਂ ਨੇ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿੱਚ ਹੋਏ 69 ਵੀਆਂ ਪੰਜਾਬ ਰਾਜ ਅੰਤਰ ਖੇਡਾਂ 2025 ਦੇ ਫਾਈਨਲ ਮੁਕਾਬਲਿਆਂ ਵਿੱਚੋਂ 110 ਮੀਟਰ ਹਰਡਲ ਰੇਸ ਵਿਚ ਸੈਕਿੰਡ ਪੁਜ਼ੀਸ਼ਨ ਪ੍ਰਾਪਤ ਕੀਤੀ ਅਤੇ ਸਿਲਵਰ ਮੈਡਲ ਜਿੱਤਿਆ ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਦੱਸਿਆ ਕਿ ਦਿਲਪ੍ਰੀਤ ਢਿੱਲੋਂ ਦੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਬਹੁਤ ਰੁਚੀ ਹੈ। ਦਿਲਪ੍ਰੀਤ ਢਿੱਲੋਂ ਦੀ ਚੋਣ ਨੈਸ਼ਨਲ ਪੱਧਰ ਤੇ ਖੇਡਾਂ ਲਈ ਹੋ ਚੁੱਕੀ ਹੈ। ਉਹਨਾਂ ਦੱਸਿਆ ਕਿ ਬਾਕੀ ਬੱਚਿਆਂ ਨੂੰ ਵੀ ਦਿਲਪ੍ਰੀਤ ਢਿੱਲੋਂ ਤੋਂ ਸੇਧ ਲੈਣੀ ਚਾਹੀਦੀ ਹੈ। ਦਿਲਪ੍ਰੀਤ ਢਿੱਲੋਂ ਦੇ ਸਟੇਟ ਪੱਧਰ ਤੇ ਪ੍ਰਾਪਤ ਕੀਤੀ ਪੁਜੀਸ਼ਨ ਦੇ ਨਾਲ ਜਿੱਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਉੱਥੇ ਮਾਤਾ -ਪਿਤਾ ਅਤੇ ਪਿੰਡ ਦਾ ਨਾਮ ਵੀ ਰੌਸ਼ਨ ਕੀਤਾ। ਸਟਾਫ਼ ਨੇ ਦਿਲਪ੍ਰੀਤ ਢਿੱਲੋਂ, ਉਸਦੇ ਮਾਤਾ-ਪਿਤਾ ਤੇ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ। ਦੀਵਾਨਾ ਵਿਖੇ ਸਕੂਲ ਪਹੁੰਚਣ ਤੇ ਦਿਲਪ੍ਰੀਤ ਢਿੱਲੋਂ ਨੂੰ ਸਕੂਲ ਸਟਾਫ਼ ਵੱਲੋਂ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਸਟਾਫ਼ ਵਿੱਚ ਕੁਲਜੀਤ ਸਿੰਘ ਦੀਵਾਨਾ ਮੈਡਮ ਅਮਨਦੀਪ ਕੋਰ ਪ੍ਰਦੀਪ ਕੌਰ ਰਮਨਜੀਤ ਕੋਰ ਪਵਨਜੀਤ ਕੌਰ ਮਨਦੀਪ ਕੌਰ ਲਛਮਣੀ ਅਮਨਜੋਤ ਕੋਰ ਕੁਲਵਿੰਦਰ ਕੋਰ ਕਮਲਜੀਤ ਕੋਰ ਨਵਜੋਤ ਕੋਰ ਲਵਪ੍ਰੀਤ ਕੌਰ ਸੁਖਪ੍ਰੀਤ ਕੋਰ ਅਮਨਦੀਪ ਕੋਰ ਗਹਿਲ ਹਰਪ੍ਰੀਤ ਕੋਰ ਸੁਖਮੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਿਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਅੰਤਰ ਸਕੂਲ ਯੁਵਕ ਮੇਲਾ ਆਯੋਜਿਤ

## 20 ਸਕੂਲਾਂ ਤੇ 300 ਵਿਦਿਆਰਥੀ ਹੋਏ ਸ਼ਾਮਿਲ













ਤਲਵੰਡੀ ਸਾਬੋ 30 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਤਰ ਸਕੂਲ ਯੁਵਕ ਮੇਲਾ 2025 ਸਥਾਨਕ ਖਾਲਸਾ ਸੀ. ਸੈ. ਸਕੂਲ (ਲੜਕੇ) ਵਿਖੇ ਕਰਵਾਇਆ ਗਿਆ। ਜਿਸ ਵਿਚ ਵੱਖ-ਵੱਖ 20 ਸਕੂਲਾਂ ਦੇ 300 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਦੇ ਕਵਿਤਾ ਉਚਾਰਣ, ਗੁਰਮਤਿ ਕੁਇਜ਼, ਦਸਤਾਰ ਸਜਾਉਣ, ਸੁੰਦਰ ਲਿਖਾਈ ਅਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਕੀਰਤਨ ਦੁਆਰਾ ਹਈ। ਉਪਰੰਤ ਇੰਸਪੈਕਟਰ ਸ਼ਮਸ਼ੇਰ ਸਿੰਘ ਖੇਤਰ ਸਕੱਤਰ ਨੇ ਆਏ ਹੋਏ ਸਮੂਹ ਵਿਦਿਆਰਥੀਆਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਤੇ ਸ੍ਰੀ ਸਲਿੰਦਰ ਗੋਇਲ, ਸੁਪਰਡੰਟ, ਐਸ. ਡੀ. ਐੱਮ ਦਫ਼ਤਰ ਤਲਵੰਡੀ ਸਾਬੋ, ਸ. ਚਮਕੌਰ ਸਿੰਘ ਰਿਟਾ. ਪ੍ਰਿੰਸੀਪਲ, ਸ. ਰਣਜੀਤ ਸਿੰਘ ਮਲਕਾਣਾ ਮੈਨੇਜਰ ਪ੍ਰਬੰਧਕ ਕਮੇਟੀ ਖਾਲਸਾ ਸੀ. ਸੈ. ਸਕੂਲ, ਸ. ਬਿਕਰਮਜੀਤ ਸਿੰਘ ਪ੍ਰਿੰਸੀਪਲ ਖਾਲਸਾ, ਡਾ. ਗੁਰਜਿੰਦਰ ਸਿੰਘ ਰੁਮਾਣਾ, ਬਲਵੰਤ ਸਿੰਘ ਅਕਾਲ ਝਰਾਣੀ, ਸੀ. ਸੈ. ਸਕੂਲ, ਸ. ਸ਼ਮਸ਼ੇਰ ਸਿੰਘ ਖੇਤਰ ਸਕੱਤਰ, ਸ. ਸੁਖਵਿੰਦਰ ਸਿੰਘ ਭਾਗੀਵਾਂਦਰ, ਡਾ. ਦਰਸ਼ਨ ਸਿੰਘ ਭੰਮੇ, ਉਸਤਾਦ ਰੇਵਤੀ ਪ੍ਰਸਾਦਿ ਜੀ, ਪ੍ਰੋ.ਕਰਮਜੀਤ ਸਿੰਘ ਗੁਰੂ ਕਾਸ਼ੀ ਕਾਲਜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਸਮੂਹ ਅਹੁਦੇਦਾਰ ਵੀ ਸ਼ਾਮਿਲ ਹੋਏ। ਵੱਖ-ਵੱਖ ਮੁਕਾਬਲਿਆਂ ਦੇ ਨਤੀਜੇ ਇਸ ਪ੍ਰਕਾਰ ਰਹੇ: ਕਵਿਤਾ ਮੁਕਾਬਲੇ ਵਿਚ ਜੋਤਸਰੂਪ ਕੌਰ, ਅਕਾਲ ਅਕੈਡਮੀ ਦਮਦਮਾ ਸਾਹਿਬ ਨੇ ਪਹਿਲਾ, ਅਪਾਰਦੀਪ ਕੌਰ ਅਕਾਲ ਅਕੈਡਮੀ ਕੌੜੀ ਵਾਲਾ ਨੇ ਦੂਸਰਾ ਅਤੇ ਜੈਵੀਨ ਕੌਰ, ਸ੍ਰੀ ਦਸ਼ਮੇਸ਼ ਸੀ. ਸੈ. ਸਕੂਲ ਤਲਵੰਡੀ ਸਾਬੋ ਨੇ ਤੀਸਰਾ ਸਥਾਨ ਹਾਸਲ ਕੀਤਾ। ਕਵੀਸ਼ਰੀ

ਆਵਾਜ਼ਿ ਕੌਮ AWAZE QAUM
International Newspaper & WEB TV


ਮੁਕਾਬਲੇ ਵਿਚ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਜੋਗੇਵਾਲਾ ਦੀ ਟੀਮ ਨੇ ਪਹਿਲਾ, ਖਾਲਸਾ ਪ੍ਰਾਇਮਰੀ ਸਕੂਲ ਤਲਵੰਡੀ ਸਾਬੋ ਨੇ ਦੂਸਰਾ ਸਥਾਨ ਅਤੇ ਅਕਾਲ ਅਕੈਡਮੀ ਬੰਗੀ ਨਿਹਾਲ ਸਿੰਘ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਦਸਤਾਰ ਮੁਕਾਬਲਾ ਜੂਨੀਅਰ 'ਚ ਇੰਦਰਜੀਤ ਸਿੰਘ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਲਹਿਰੀ ਨੇ ਪਹਿਲਾ ਸਥਾਨ, ਪ੍ਰੇਮ ਸਿੰਘ ਸਕੂਲ ਆਫ਼ ਐਮੀਨੈਂਸ ਕੋਟਸ਼ਮੀਰ ਨੇ ਦੂਸਰਾ ਸਥਾਨ ਅਤੇ ਅਭੀਜੋਤ ਸਿੰਘ ਅਕਾਲ ਅਕੈਡਮੀ ਕੌੜੀ ਵਾਲਾ ਨੇ ਤੀਸਰਾ ਸਥਾਨ ਹਾਸਲ ਕੀਤਾ। ਸੀਨੀਅਰ ਗਰੁੱਪ ਵਿਚ ਏਕਮਦੀਪ ਸਿੰਘ ਖਾਲਸਾ ਸੀ. ਸੈ. ਸਕੂਲ, ਤਲਵੰਡੀ ਸਾਬੋ ਨੇ ਪਹਿਲਾ ਸਥਾਨ, ਮਾਨ ਸਿੰਘ, ਸਰਕਾਰੀ ਸੀ. ਸੈ. ਸਕੂਲ ਤਲਵੰਡੀ ਸਾਬੋ ਨੇ ਦੂਸਰਾ ਅਤੇ ਰਣਬੀਰ ਸਿੰਘ ਪੈਰਾਡਾਈਜ਼ ਪਬਲਿਕ ਸਕੂਲ ਸੀਂਗੋ ਨੇ ਤੀਸਰਾ ਸਥਾਨ ਹਾਸਲ ਕੀਤਾ। ਦੁਮਾਲਾ ਮੁਕਾਬਲੇ ਵਿਚ ਜਸ਼ਨਦੀਪ ਕੌਰ ਅਤੇ ਅਮਨੀਤ ਕੌਰ ਸਾਹਿਬਜ਼ਾਦਾ ਅਜੀਤ ਸਿੰਘ ਕਾਨਵੈਂਟ ਸਕੂਲ ਗਹਿਰੀ ਨੇ ਕ੍ਰਮਵਾਰ ਪਹਿਲਾ ਤੇ ਦੂਸਰਾ ਸਥਾਨ ਅਤੇ ਦਮਨਜੀਤ ਕੌਰ ਅਕਾਲ ਅਕੈਡਮੀ ਦਮਦਮਾ ਸਾਹਿਬ ਨੇ ਤੀਸਰਾ ਸਥਾਨ ਹਾਸਲ ਕੀਤਾ। ਸੁੰਦਰ ਲਿਖਾਈ ਮੁਕਾਬਲੇ ਵਿਚ ਵਨੀਤ ਕੌਰ ਅਕਾਲ ਅਕੈਡਮੀ ਬੰਗੀ ਨਿਹਾਲ ਸਿੰਘ ਨੇ ਪਹਿਲਾ, ਅਗਮਜੋਤ ਕੌਰ ਸ੍ਰੀ ਦਸ਼ਮੇਸ਼ ਸੀ. ਸੈ. ਸਕੂਲ ਤਲਵੰਡੀ ਸਾਬੋ ਨੇ ਦੂਸਰਾ ਅਤੇ ਸੀਰਤ ਕੌਰ, ਗੁਰੂ ਹਰਿਗੋਬਿੰਦ ਪਬਲਿਕ ਸੀ. ਸੈ. ਸਕੂਲ ਲਹਿਰੀ ਨੇ ਤੀਸਰਾ ਸਥਾਨ ਹਾਸਲ ਕੀਤਾ। ਕੁਇਜ਼ ਮੁਕਾਬਲੇ ਵਿਚ ਮਾਸਟਰ ਮਾਈਂਡ ਪਬਲਿਕ ਸਕੂਲ ਬੰਗੀ ਰੁਘੂ ਨੇ ਪਹਿਲਾ ਸਥਾਨ, ਸੁਦੇਸ਼ ਵਾਟਿਕਾ ਕਾਨਵੈਂਟ ਸੀ. ਸੈ. ਸਕੂਲ ਭਾਗੀਵਾਂਦਰ ਨੇ ਦੂਸਰਾ ਸਥਾਨ ਅਤੇ ਅਕਾਲ ਅਕੈਡਮੀ ਦਮਦਮਾ ਸਾਹਿਬ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਤ 'ਚ ਸਮੂਹ ਮਹਿਮਾਨਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਅਤੇ ਨਗਦ ਰਾਸ਼ੀ ਇਨਾਮ ਭੇਂਟ ਕੀਤੇ ਗਏ। ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿਚ ਤੇਜ਼ ਸਿੰਘ ਜੈਤੋ, ਲਖਵੀਰ ਸਿੰਘ ਨੱਤ, ਅੰਮ੍ਰਿਤਪਾਲ ਸਿੰਘ ਮਲਕਾਣਾ, ਹਰਪਾਲ ਸਿੰਘ, ਜਗਜੀਤ ਸਿੰਘ, ਗੁਰਜੰਟ ਸਿੰਘ ਨਥੇਹਾ, ਸੁਖਰਾਜ ਸਿੰਘ ਸੰਦੋਹਾ, ਜਸਦੀਪ ਸਿੰਘ ਨਥੇਹਾ ਆਦਿ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਮਾਰ ਗੋਲ਼ੀਆਂ ਸੋਧ 'ਤੀ**

# ਇੰਡੀਆ ਦੀ ਰਾਣੀ ਦੁਸ਼ਟ ਇੰਦਰਾ ਗਾਂਧੀ




ਮਾਰ ਗੋਲ਼ੀਆਂ ਸੋਧ'ਤੀ, ਇੰਡੀਆ ਦੀ ਰਾਣੀ ਦੁਸ਼ਟ ਇੰਦਰਾ ਗਾਂਧੀ ਦਾ ਅੰਤ ਇਸੇ ਤਰ੍ਹਾਂ ਹੀ ਹੋਣਾ ਸੀ ਜਿਵੇਂ ਸਿੱਖ ਕੌਮ ਦੇ ਯੋਧਿਆਂ ਭਾਈ ਸਤਵੰਤ ਸਿੰਘ ਤੇ ਭਾਈ ਬੇਅੰਤ ਸਿੰਘ ਨੇ ਕੀਤਾ। ਜੇ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਵਾਲਾ ਮੁਗ.ਲ ਹਾਕਮ ਮੱਸਾ ਰੰਘੜ ਨਹੀਂ ਬਚ ਸਕਿਆ ਤਾਂ ਹਿੰਦੂ ਹਾਕਮ ਇੰਦਰਾ ਗਾਂਧੀ ਕਿਵੇਂ ਬਚ ਜਾਂਦੀ! ਓਦੋਂ ਭਾਈ ਸੁੱਖਾ ਸਿੰਘ ਅਤੇ ਭਾਈ ਮਹਿਤਾਬ ਸਿੰਘ ਗਰਜੇ ਸਨ ਤੇ 31 ਅਕਤੂਬਰ 1984 ਨੂੰ ਉਹਨਾਂ ਦੇ ਵਾਰਸ ਭਾਈ ਸਤਵੰਤ ਸਿੰਘ ਅਤੇ ਬੇਅੰਤ ਸਿੰਘ ਐਸੇ ਗਰਜੇ ਕਿ ਉਹਨਾਂ ਦੇ ਖ਼ਾਲਸਾਈ ਐਕਸ਼ਨ ਨੇ ਪੂਰੇ ਸੰਸਾਰ ਵਿੱਚ ਧੂੰਮ ਪਾ ਦਿੱਤੀ ਅਤੇ ਬ੍ਰਾਹਮਣੀ ਸਰਕਾਰ ਨੂੰ ਦੱਸ ਦਿੱਤਾ ਕਿ ਖ਼ਾਲਸਾ ਜਿਉਂਦਾ ਤੇ ਜਾਗਦਾ ਹੈ ਤੇ ਆਪਣੇ ਗੁਰਧਾਮਾਂ ਦੀ ਬੇਅਦਬੀ ਕਦੇ ਨਹੀਂ ਸਹਾਰੇਗਾ। ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ

ਆਵਾਜ਼ਿ ਕੌਮ AWAZE QAUM International Newspaper & WEB TV

ਭਿੰਡਰਾਂਵਾਲਿਆਂ ਦੇ ਖ਼ਾਲਸਾਈ ਜਾਹੋ-ਜਲਾਲ ਤੋਂ ਇੰਦਰਾ ਗਾਂਧੀ ਪਹਿਲਾਂ ਹੀ ਬਹੁਤ ਭੈਭੀਤ ਸੀ ਜਿਸ ਕਰਕੇ ਇੰਦਰਾ ਨੇ ਸੰਤਾਂ ਨੂੰ ਸਰੀਰਕ ਰੂਪ ਵਿੱਚ ਮੁਕਾਉਣਾ ਚਾਹਿਆ ਪਰ ਸੰਤ ਜੀ ਤਾਂ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਪਵਿੱਤਰਤਾ ਦੀ ਰਾਖੀ ਕਰਦਿਆਂ, ਹਿੰਦੂ ਸਾਮਰਾਜ ਨੂੰ ਸਿਧਾਂਤਕ ਅਤੇ ਹਥਿਆਰਬੰਦ ਟੱਕਰ ਦਿੰਦਿਆਂ, ਚਮਕੌਰ ਦੀ ਗੜ੍ਹੀ ਵਾਲਾ ਸ਼ਾਨਾਮੱਤਾ ਇਤਿਹਾਸ ਦੁਹਰਾਉਂਦੇ ਹੋਏ ਜਦੋਂ ਸ਼ਹਾਦਤ ਦਾ ਜਾਮ ਪੀ ਗਏ ਤਾਂ ਉਹ ਪਹਿਲਾਂ ਨਾਲੋਂ ਵੀ ਵੱਧ ਪੰਜਾਬ, ਭਾਰਤ ਅਤੇ ਪੂਰੇ ਸੰਸਾਰ ਵਿੱਚ ਛਾ ਗਏ। ਇੰਦਰਾ ਗਾਂਧੀ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਕੇ ਜ਼ੁਲਮ ਦੀਆਂ ਪੂਰੀਆਂ ਹੱਦਾਂ ਪਾਰ ਕਰ ਦਿੱਤੀਆਂ ਸਨ, ਇਹੋ ਕੁਝ ਅਬਦਾਲੀ ਅਤੇ ਮੱਸਾ ਰੰਘੜ ਨੇ ਕੀਤਾ ਸੀ। ਬ੍ਰਾਹਮਣੀ ਸਰਕਾਰ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਫ਼ੌਜੀ ਹਮਲਾ ਕਰਕੇ ਸਿੱਖਾਂ ਨੂੰ ਇਹ ਦੱਸ ਦਿੱਤਾ ਕਿ ਉਹ ਜ਼ਾਲਮ-ਮੁਗਲਾਂ ਨਾਲੋਂ ਘੱਟ ਨਹੀਂ ਹਨ, ਉਹਨਾਂ ਮੁਗਲਾਂ ਦੀ ਰੂਹ ਹੁਣ ਇਹਨਾਂ ਵਿੱਚ ਪ੍ਰਵੇਸ਼ ਕਰ ਚੁੱਕੀ ਸੀ। ਐਨਾ ਕਹਿਰ ਤਾਂ ਸੋਮਨਾਥ ਮੰਦਰ ਨੂੰ ਢਾਹੁਣ ਵਾਲੇ ਧਾੜਵੀਆਂ ਨੇ ਵੀ ਹਿੰਦੂ ਲੋਕਾਂ ਉੱਤੇ ਨਹੀਂ ਸੀ ਢਾਹਿਆ, ਜਿੰਨਾ ਕਹਿਰ ਭਾਰਤ ਦੀ ਹਿੰਦੂ ਫ਼ੌਜ ਨੇ ਜੂਨ 1984 ਵਿੱਚ ਸਿੱਖਾਂ ਉੱਤੇ ਢਾਹਿਆ। ਸ੍ਰੀ ਦਰਬਾਰ ਸਾਹਿਬ ਨੂੰ ਗੋਲੀਆਂ ਨਾਲ ਛਲਣੀ ਕੀਤਾ ਗਿਆ, ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਟੈਂਕਾਂ-ਤੋਪਾਂ ਦੇ ਗੋਲਿਆਂ ਨਾਲ ਢਹਿ-ਢੇਰੀ ਕਰ ਦਿੱਤਾ ਗਿਆ, ਸਿੱਖ ਰੈਫਰੈਂਸ ਲਾਈਬ੍ਰੇਰੀ ਨੂੰ ਲੁੱਟਿਆ, ਤੋਸ਼ਾਖਾਨਾ ਸਾੜਿਆ, ਦੁੱਧ ਪੀਂਦੇ ਬੱਚਿਆਂ ਨੂੰ ਵੀ ਨਾ ਬਖਸ਼ਿਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਵਿੱਚ ਗੋਲੀਆਂ ਮਾਰੀਆਂ, ਹਜ਼ਾਰਾਂ ਪਾਵਨ ਸਰੂਪ ਅਤੇ ਹੋਰ ਹੱਥ-ਲਿਖਤਾਂ ਤੇ ਅਨਮੋਲ ਸਰਮਾਇਆ ਭਾਰਤੀ ਫ਼ੌਜ ਚੁੱਕ ਕੇ ਲੈ ਗਈ, ਪ੍ਰਕਰਮਾ ਨੂੰ ਸਿੱਖਾਂ ਦੀਆਂ ਲਾਸ਼ਾਂ ਨਾਲ ਭਰਿਆ, ਅੰਮ੍ਰਿਤ ਸਰੋਵਰ ਨੂੰ ਸਿੱਖਾਂ ਦੇ ਖ਼ੂਨ ਨਾਲ ਲਾਲ ਕਰ ਦਿੱਤਾ, ਸੰਗਤਾਂ ਦੇ ਹੱਥ ਪਿੱਛੇ ਬੰਨ੍ਹ ਕੇ ਧੁੱਪ ਵਿੱਚ ਲਿਟਾਇਆ ਅਤੇ ਨੇੜਿਓਂ ਸਿਰ ਵਿੱਚ ਗੋਲ਼ੀਆਂ ਮਾਰ ਦਿੱਤੀਆਂ, ਸ਼ਰਾਬਾਂ ਤੇ ਬੀੜੀਆਂ-ਸਿਗਰਟਾਂ ਪੀਤੀਆਂ, ਕੀਰਤਨ ਕਰਦੇ ਸਿੰਘ ਵੀ ਸ਼ਹੀਦ ਕਰ ਦਿੱਤੇ, ਪੂਰਾ ਪੰਜਾਬ ਜ਼ੁਲਮ ਦੀ ਚੱਕੀ ਵਿੱਚ ਪੀਸ ਦਿੱਤਾ ਅਤੇ ਉਪਰੋਂ ਹਿੰਦੂਆਂ ਨੇ ਸਿੱਖਾਂ ਦੀ ਬਰਬਾਦੀ ਉੱਤੇ ਲੱਡੂ ਵੰਡੇ ਤੇ ਖ਼ੁਸ਼ੀਆਂ ਮਨਾਈਆਂ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਬਾਹੀ ਨੇ ਸਿੱਖਾਂ ਵਿੱਚ ਰੋਹ ਅਤੇ ਰੋਸ ਭਰ ਦਿੱਤਾ, ਇਸ ਘੱਲੂਘਾਰੇ ਵਿੱਚੋਂ ਸੂਰਮਗਤੀ ਪੈਦਾ ਹੋ ਗਈ ਤੇ ਇੰਦਰਾ ਗਾਂਧੀ ਦਾ ਅੰਤ ਹੁਣ ਬਹੁਤਾ ਦੂਰ ਨਹੀਂ ਸੀ। ਹਰ ਸਿੱਖ ਇੰਦਰਾ ਦੀ ਮੌਤ ਦਾ ਇੰਤਜ਼ਾਰ ਕਰ ਰਿਹਾ ਸੀ। ਜਿਸ ਇੰਦਰਾ ਗਾਂਧੀ ਨੂੰ ਹਿੰਦੁਸਤਾਨ ਦੀ ਰਾਣੀ ਕਿਹਾ ਜਾਂਦਾ ਸੀ ਅਤੇ ਅਕਾਲੀ ਆਗੂ ਵੀ ਉਸਨੂੰ ਬੀਬੀ ਇੰਦਰਾ ਗਾਂਧੀ ਕਹਿ ਕੇ ਬੁਲਾਉਂਦੇ ਸਨ, ਹੁਣ ਉਸਨੂੰ ਹਰ ਸਿੱਖ ਦੁਸ਼ਟ ਬਾਹਮਣੀ ਆਖਣ ਲੱਗਾ। ਇਹ ਗੱਲ ਵੀ ਬੜੀ ਪ੍ਰਚੱਲਤ ਹੈ ਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂ ਵਾਲਿਆਂ ਨੇ ਕਿਹਾ ਸੀ ਕਿ 'ਇੰਦਰਾ ਤੇਰੀਆਂ ਗੋਲ਼ੀਆਂ ਹੀ ਤੇਰੇ ਵੱਜਣਗੀਆਂ', 'ਦਰਬਾਰ ਸਾਹਿਬ ਉੱਤੇ ਹਮਲਾ ਕਰਨ ਵਾਲੇ ਹਾਕਮ ਜਿਉਂਦਾ ਨਹੀਂ ਬਚਣਗੇ'। ਕਹਿੰਦੇ ਹਨ ਕਿ ਜਦੋਂ ਇਸ ਹਮਲੇ ਤੋਂ ਬਾਅਦ ਇੰਦਰਾ ਗਾਂਧੀ ਦਰਬਾਰ ਸਾਹਿਬ ਵਿਖੇ ਆਈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਖੰਡਰਾਤ ਹੋਇਆ ਵੇਖ ਕੇ ਉਸ ਨੂੰ ਵੀ ਪਤਾ ਲੱਗ ਗਿਆ ਸੀ ਕਿ 'ਸਿੱਖ ਹੁਣ ਮੈਨੂੰ ਜਿਉਂਦਾ ਨਹੀਂ ਛੱਡਣਗੇ, ਉਹ ਅਵੱਸ਼ ਮੈਨੂੰ ਮਾਰਨਗੇ।' ਇੰਦਰਾ ਗਾਂਧੀ ਬਹੁਤ ਭੈਭੀਤ ਹੋ ਚੁੱਕੀ ਸੀ, ਰਾਤ ਸੁਪਨਿਆਂ ਵਿੱਚ ਵੀ ਉਸਨੂੰ ਸਿੰਘ ਦਿਸਣ ਲੱਗ ਪਏ, ਉਸਨੇ ਆਪਣੇ ਨੇੜਲੇ ਖ਼ਾਸ ਵਿਅਕਤੀਆਂ ਨੂੰ ਵੀ ਕਹਿਣਾ ਸ਼ੁਰੂ ਕਰ ਦਿੱਤਾ ਸੀ ਕਿ ਹੁਣ ਉਸ ਦੀ ਮੌਤ ਤੈਅ ਹੈ, ਉਹ ਕਈ ਵਾਰ ਉਦਾਸ ਵੀ ਹੋ ਜਾਂਦੀ ਸੀ। ਪਰ ਉਸਨੂੰ ਇਹ ਨਹੀਂ ਸੀ ਪਤਾ ਕਿ ਉਸ ਦੇ ਕਾਲ ਉਸ ਦੇ ਨੇੜੇ ਹੀ ਘੁੰਮਦੇ ਹਨ, ਇਰਦ-ਗਿਰਦ ਹੀ ਹੁੰਦੇ ਹਨ। ਇਹ ਸੇਵਾ ਭਾਈ ਸਤਵੰਤ ਸਿੰਘ ਤੇ ਭਾਈ ਬੇਅੰਤ ਸਿੰਘ ਦੇ ਹਿੱਸੇ ਆਈ ਤੇ ਇੰਦਰਾ ਗਾਂਧੀ ਦੇ ਇਹਨਾਂ ਦੋਵੇਂ ਬਾਡੀਗਾਰਡ ਸਿੰਘਾਂ ਨੇ 31 ਅਕਤੂਬਰ 1984 ਨੂੰ ਉਸ ਨੂੰ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਸੋਧਦਿਆਂ ਮੌਤ ਦੇ ਘਾਟ ਉਤਾਰ ਦਿੱਤਾ। ਇੰਦਰਾ ਦੀ ਮੌਤ ਦੀ ਖ਼ਬਰ ਸੁਣਦਿਆਂ ਸਾਰ ਸੰਸਾਰ ਭਰ ਦੇ ਸਿੱਖਾਂ ਨੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਅਤੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਹਰੇ ਗਜਾਏ ਅਤੇ ਸਭ ਦੇ ਮੂੰਹੋਂ ਨਿਕਲਿਆ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ। ਸੂਰਮਿਆਂ ਦੇ ਇਸ ਐਕਸ਼ਨ ਨਾਲ ਸਿੱਖ ਕੌਮ ਦਾ ਸਿਰ ਮਾਣ ਨਾਲ ਉੱਚਾ ਹੋ ਗਿਆ। ਗੁਰੂ ਕੇ ਲਾਲਾਂ ਨੇ ਇੰਦਰਾ ਗਾਂਧੀ ਨੂੰ ਮਿੱਟੀ ਵਿੱਚ ਮਿਲਾ ਦਿੱਤਾ। ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ ਤੋਂ ਬਾਅਦ ਜਦੋਂ ਮਰਯਾਦਾ ਦੁਬਾਰਾ ਸ਼ੁਰੂ ਹੋਈ ਸੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਜਦੋਂ ਪ੍ਰਕਾਸ਼ ਕੀਤਾ ਗਿਆ ਸੀ ਤਾਂ ਉਸ ਦਿਨ ਹੁਕਮਨਾਮਾ ਸਾਹਿਬ ਆਇਆ ਸੀ "ਜੋ ਜੋ ਦੀਸੈ ਵਡਾ ਵਡੇਰਾ ਸੋ ਸੋ ਖਾਕੂ ਰਲਸੀ।।" ਤੇ ਸੱਚਮੁੱਚ ਹੀ ਗੁਰੂ ਕੇ ਲਾਲਾਂ ਨੇ ਇੰਦਰਾ ਗਾਂਧੀ ਨੂੰ ਮਿੱਟੀ ਵਿੱਚ ਮਿਲਾ ਦਿੱਤਾ। ਜਿਸ ਦਿਨ ਇੰਦਰਾ ਨੂੰ ਸੋਧਣਾ ਸੀ, ਉਸ ਦਿਨ ਇਹ ਹੁਕਮਨਾਮਾ ਸਾਹਿਬ ਆਇਆ ਸੀ "ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ।। ਪ੍ਰਹਿਲਾਦ ਜਨ ਤੁਧੁ ਰਾਖਿ ਲਏ ਹਰਿ ਜੀਉ ਹਰਣਾਖਸੁ ਮਾਰਿ ਪਚਾਇਆ।।" ਗੁਰੂ ਕੇ ਹੁਕਮ ਅਨੁਸਾਰ ਇੰਦਰਾ ਗਾਂਧੀ ਦਾ ਅੰਤ ਹੋਇਆ ਅਤੇ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਦੀ ਜੈ-ਜੈਕਾਰ ਹੋਈ, ਇਹਨਾਂ ਸੂਰਮਿਆਂ ਨੂੰ ਸਾਡਾ ਖ਼ਾਲਸਾਈ ਪ੍ਰਣਾਮ।



**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**ਮੋ : 8872293883. ਤੋਂ**

## ਦਲ ਖਾਲਸਾ ਦੇ ਵਰਕਿੰਗ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਦੇ ਪਿਤਾ ਸਰਦਾਰ ਗੁਰਦੇਵ ਸਿੰਘ ਜੀ ਦੀ ਅੰਤਿਮ ਅਰਦਾਸ ਦੌਰਾਨ ਪੰਥਕ ਸਤਿਕਾਰ



**ਸ਼੍ਰੀ ਹਰਗੋਬਿੰਦਪੁਰ ਸਾਹਿਬ, 30 ਅਕਤੂਬਰ (ਆਵਾਜ਼ ਕੌਮ ਬਿਊਰੋ)**-ਦਲ ਖਾਲਸਾ ਦੇ ਵਰਕਿੰਗ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਦੇ ਸਤਿਕਾਰਯੋਗ ਪਿਤਾ ਸਰਦਾਰ ਗੁਰਦੇਵ ਸਿੰਘ ਜੀ ਦੀ ਅੰਤਿਮ ਅਰਦਾਸ ਸਮਾਗਮ ਅੱਜ ਪਿੰਡ ਮੰਡ, ਤਹਿਸੀਲ ਸ਼੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸੰਜਮਿਤ ਹੋਈ। ਇਸ ਮੌਕੇ ਪੰਥਕ ਜਥੇਬੰਦੀਆਂ, ਸੰਗਤਾਂ ਅਤੇ ਵੱਖ-ਵੱਖ ਧਾਰਮਿਕ ਤੇ ਸਮਾਜਕ ਆਗੂਆਂ ਨੇ ਪਹੁੰਚ ਕੇ ਸ਼ਰਧਾਂਜਲੀ ਭੇਟ ਕੀਤੀ।ਸਮਾਗਮ ਦੌਰਾਨ ਪੰਥਕ ਆਗੂਆਂ ਵੱਲੋਂ ਭਾਈ ਪਰਮਜੀਤ ਸਿੰਘ ਮੰਡ ਨੂੰ ਦਸਤਾਰ ਭੇਟ ਕਰਕੇ ਸਤਿਕਾਰ ਕੀਤਾ ਗਿਆ। ਵਕਤਾਵਾਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਕੋਈ ਨੌਜਵਾਨ ਕਿਸੇ ਲਹਿਰ ਜਾਂ ਅੰਦੋਲਨ ਨਾਲ ਜੁੜਦਾ ਹੈ, ਤਾਂ ਆਮ ਤੌਰ 'ਤੇ ਸਭ ਤੋਂ ਪਹਿਲਾਂ ਪਰਿਵਾਰ ਵਲੋਂ ਰੋਕ ਹੁੰਦੀ ਹੈ ਅਤੇ ਪੁਲਿਸ ਵਲੋਂ ਵੀ ਪਰਿਵਾਰਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਪਰ ਸਰਦਾਰ ਗੁਰਦੇਵ ਸਿੰਘ ਜੀ ਉਹ ਧੰਨ ਮਾਤ-ਪਿਤਾ ਸਨ ਜਿਨ੍ਹਾਂ ਨੇ ਆਪਣੇ ਪੁੱਤਰ ਨੂੰ ਖਾਲਿਸਤਾਨ ਦੇ ਰਾਹ ਤੇ ਤੋਰਿਆ ਅਤੇ ਹਰ ਸਮੇਂ ਉਸਦਾ ਸਾਥ ਦਿੱਤਾ। ਸੰਗਤਾਂ ਨੇ ਉਨ੍ਹਾਂ ਦੇ ਪੰਥਕ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਗੁਰਦੇਵ ਸਿੰਘ ਜੀ ਦਾ ਜੀਵਨ ਸਿਖ ਧਰਮ ਦੇ ਸਿਧਾਂਤਾਂ ਅਤੇ ਪੰਥ ਪ੍ਰਤੀ ਨਿਭਾਵ ਦਾ ਪ੍ਰਤੀਕ ਸੀ। ਇਸ ਮੌਕੇ ਗੁਰਬਾਣੀ ਦੇ ਪਵਿੱਤਰ ਬਚਨ ਉਚਾਰਨ ਕੀਤੇ ਗਏ —

"ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ॥"
"ਪਾਂਚ ਤਤੁ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ॥
ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨ॥"

ਸੰਗਤਾਂ ਨੇ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਮੰਡ ਸਾਬ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਗੁਰਬਾਣੀ ਦੇ ਸਿਧਾਂਤ ਅਨੁਸਾਰ ਭਾਣਾ ਮੰਨਣ ਦੀ ਸਮਰੱਥਾ ਬਖ਼ਸ਼ਣ।ਇਸ ਅੰਤਿਮ ਅਰਦਾਸ ਸਮਾਗਮ ਵਿੱਚ ਖੇਤਰ ਭਰ ਤੋਂ ਆਈ ਸੰਗਤਾਂ ਵਲੋਂ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

## ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਚਾਂਦੀ ਦਾ ਸਿੱਕਾ ਲਾਂਚ



**ਨਵੀਂ ਦਿੱਲੀ, 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਂਦੀ ਦਾ ਸਿੱਕਾ ਲਾਂਚ ਕੀਤਾ ਗਿਆ। ਸਿੱਕਾ ਲਾਂਚ ਕਰਨ ਵੇਲੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਚੈਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਹ ਸਿੱਕਾ ਐਮ ਐਮ ਟੀ ਸੀ ਸਰਕਾਰੀ ਕੰਪਨੀ ਨੇ ਤਿਆਰ ਕਰਵਾਇਆ ਹੈ ਜੋ ਬਜ਼ਾਰ ਵਿਚ, ਮਾਲਜ਼ ਵਿਚ ਤੇ ਅਨੇਕਾਂ ਥਾਵਾਂ 'ਤੇ ਸੰਗਤਾਂ ਲਈ ਉਪਲਬਧ ਹੋਵੇਗਾ। ਉਹਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਆਪਣੇ ਧਾਰਮਿਕ ਸਟਾਲਾਂ 'ਤੇ ਵੀ ਇਹ ਸਿੱਕਾ ਰੱਖਿਆ ਜਾਵੇਗਾ ਤਾਂ ਜੋ ਦੇਸ਼ ਵਿਦੇਸ਼ ਤੋਂ ਆਉਂਦੀਆਂ ਸੰਗਤਾਂ ਇਸ ਇਤਿਹਾਸਕ ਦਿਹਾੜੇ ਦੀ ਯਾਦਗਾਰ ਵਜੋਂ ਇਹ ਸਿੱਕਾ ਖਰੀਦ ਕੇ ਆਪਣੇ ਕੋਲ ਰੱਖ ਸਕਣ। ਉਹਨਾਂ ਦੱਸਿਆ ਕਿ ਸਿੱਕੇ ਦੀ ਕੀਮਤ ਹਾਲੇ ਤੱਕ ਨਹੀਂ ਕੀਤੀ ਗਈ ਅਤੇ ਜਲਦੀ ਹੀ ਇਸਦੀ ਕੀਮਤ ਵੀ ਸਰਕਾਰੀ ਅਦਾਰੇ ਵੱਲੋਂ ਤੈਅ ਕਰ ਦਿੱਤੀ ਜਾਵੇਗੀ। ਸਰਦਾਰ ਕਾਲਕਾ, ਸਰਦਾਰ ਕਾਹਲੋਂ ਅਤੇ ਸਰਦਾਰ ਕਰਮਸਰ ਨੇ ਇਸ ਉਦਮ ਲਈ ਸਰਕਾਰੀ ਕੰਪਨੀ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੇ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਹੈ ਜਿਸਨੂੰ ਸੰਗਤਾਂ ਹਮੇਸ਼ਾ ਯਾਦ ਰੱਖਣਗੀਆਂ। ਉਹਨਾਂ ਦੱਸਿਆ ਕਿ ਅਸੀਂ ਵੀ ਇਤਿਹਾਸਕ ਮੌਕਿਆਂ 'ਤੇ ਅਜਿਹੇ ਸਿੱਕੇ ਜਾਰੀ ਕਰਦੇ ਰਹੇ ਹਾਂ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਇਤਿਹਾਸਕ ਨਿਸ਼ਾਨੀ ਨੂੰ ਆਪਣੇ ਕੋਲ ਸਾਂਭਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਰਬਾਰ ਸਾਹਿਬ ਦਾ ਬਦਲਾ

# ਇੰਦਰਾ ਗਾਂਧੀ ਦਾ ਸੋਧਾ ?

ਅਜਿਹੇ ਅਣਖੀਲੇ ਜੁਝਾਰੂ ਬੱਬਰ ਸ਼ੇਰਾਂ ਵਿੱਚੋਂ ਹਨ, ਸ਼ਹੀਦ ਸ. ਬੇਅੰਤ ਸਿੰਘ ਮਲੋਆ। ਸ. ਬੇਅੰਤ ਸਿੰਘ ਦਾ ਜਨਮ ਪਿਤਾ ਸ: ਸੁੱਚਾ ਸਿੰਘ ਦੇ ਘਰ ਮਾਤਾ ਕਰਤਾਰ ਕੌਰ ਦੀ ਕੁੱਖੋਂ 4 ਮਈ ਸੰਨ 1950 ਨੂੰ ਪਿੰਡ ਮਲੋਆ (ਨੇੜੇ ਚੰਡੀਗੜ੍ਹ) ਵਿਖੇ ਹੋਇਆ। ਸ: ਬੇਅੰਤ ਸਿੰਘ ਹੁਰੀਂ ਪੰਜ ਭਰਾ ਤੇ ਇਕ ਭੈਣ ਹਨ। ਵੱਡੇ ਭਰਾ ਸ: ਸਮਸ਼ੇਰ ਸਿੰਘ, ਗੁਰਦਰਸ਼ਨ ਸਿੰਘ ਦੋਵੇਂ ਫਸਟ ਕਲਾਸ ਸੈਸ਼ਨ ਜੱਜ ਹਨ, ਭਾਈ ਸਾਹਿਬ ਬੇਅੰਤ ਸਿੰਘ ਜੀ ਤੀਜੀ ਥਾਂ ਸਨ, ਛੋਟੇ ਭਰਾ ਕਿਰਪਾਲ ਸਿੰਘ, ਦਲਜੀਤ ਸਿੰਘ ਤੇ ਛੋਟੀ ਭੈਣ ਗੁਰਦਿਆਲ ਕੌਰ ਹੈ। ਸ਼ਹੀਦ ਭਾਈ ਬੇਅੰਤ ਸਿੰਘ ਦਾ ਪਰਿਵਾਰ ਜੁਲਾਹਾ ਸਿੱਖ ਹੈ। ਆਪ ਜੀ ਦੇ ਦਾਦਾ ਗਿਆਨੀ ਪ੍ਰਤਾਪ ਸਿੰਘ ਜੀ ਨੇ ਸੰਨ 1905 ਵਿਚ ਜਦੋਂ ਇੱਕ ਸਿੱਖ ਪ੍ਰਚਾਰਕ ਪਿੰਡ ਮਲੋਆ ਸਿੱਖੀ ਦਾ ਪ੍ਰਚਾਰ ਕਰਨ ਆਇਆ, ਤਾਂ ਸਿੱਖ ਧਰਮ ਦੇ ਉੱਚੇ ਸੁੱਚੇ ਅਸੂਲ, ਬਰਾਬਰ ਭਾਈਚਾਰਕ ਸਾਂਝ ਊਚ-ਨੀਚ ਦੇ ਬਿਨਾਂ ਭੇਦ ਭਾਵ, ਸੰਗਤ-ਪੰਗਤ, ਗੁਰਬਾਣੀ ਉਪਦੇਸ਼, ਖ਼ਾਲਸਈ ਰਵਾਇਤਾਂ ਤੋਂ ਪ੍ਰਭਾਵਿਤ ਹੋ ਕੇ ਸਿੱਖ ਧਰਮ ਨੂੰ ਬਹੁਤ ਸਾਰੇ ਦਲਿਤ ਪਰਿਵਾਰਾਂ ਦੇ ਨਾਲ ਆਪ ਵੀ ਸਿੱਖ ਧਰਮ ਨੂੰ ਅਪਣਾਇਆ ਤੇ ਅੰਮ੍ਰਿਤ ਛਕ ਕੇ ਸਿੰਘ ਸਰੂਪ ਧਾਰਨ ਕੀਤਾ। ਗਿਆਨੀ ਪ੍ਰਤਾਪ ਸਿੰਘ ਮਲੋਆ ਨੇ ਆਪ ਤੇ ਆਪਣੇ ਸਾਰੇ ਪਰਿਵਾਰ ਨੂੰ ਅੰਮ੍ਰਿਤ ਛਕਾ ਲਿਆ, ਭਾਈ ਬੇਅੰਤ ਸਿੰਘ ਦੀ ਉਮਰ ਉਸ ਸਮੇਂ ਇਕ ਸਾਲ ਸੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਗਿਆਨੀ ਪ੍ਰਤਾਪ ਸਿੰਘ ਜੁਝਾਰੂ ਸਿੱਖ ਵਿਚਾਰਧਾਰਾ ਦੇ ਪੱਕੇ ਧਾਰਨੀ ਬਣ ਗਏ । ਜਨਮ ਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਨਨਕਾਣਾ ਸਾਹਿਬ (ਪਾਕਿਸਤਾਨ) ਨਰਾਇਣ ਮਹੰਤ ਤੋਂ ਅਜ਼ਾਦ ਕਰਾਉਣ ਲਈ ਗੁਰਦੁਆਰਾ ਸੁਧਾਰ ਲਹਿਰ ਵਿਚ ਗਿਆਨੀ ਪ੍ਰਤਾਪ ਸਿੰਘ ਸਰਗਰਮ ਰਹੇ ਅਤੇ ਨਨਕਾਣਾ ਸਾਹਿਬ ਗੁਰਦੁਆਰਾ ਸਾਹਿਬ ’ਚ ਨਰਾਇਣੂ ਮਹੰਤ ਵੱਲੋਂ ਸਿੰਘਾਂ ਦੇ ਜਥੇ ਦੀ ਕਤਲੇਆਮ ਵੇਲੇ ਜਥੇ ਜੋ ਮੁੜ ਗਏ ਸਨ, ਉਨ੍ਹਾਂ ਵਿਚ ਗਿਆਨੀ ਪ੍ਰਤਾਪ ਸਿੰਘ ਵੀ ਸ਼ਾਮਲ ਸੀ । ਜਦੋਂ ਗੁਰਦੁਆਰਾ ਨਨਕਾਣਾ ਸਾਹਿਬ ਮਹੰਤਾਂ ਤੋਂ ਪੰਥ ਨੇ ਅਜ਼ਾਦ ਕਰਵਾ ਲਿਆ ਤਾਂ ਗ੍ਰੰਥੀ ਸਿੰਘ ਦੀ ਸੇਵਾ ਵੀ ਕਰਦੇ ਰਹੇ। ਗਿਆਨੀ ਪ੍ਰਤਾਪ ਸਿੰਘ ਦੇ ਘਰ ਭਗਵਾਨ ਕੌਰ ਦੀ ਕੁੱਖੋਂ ਪੰਜ ਪੁੱਤਰਾਂ ਤੇ ਤਿੰਨ ਪੁੱਤਰੀਆਂ ਨੇ ਜਨਮ ਲਿਆ। ਦਲੀਪ ਸਿੰਘ, ਸੁੱਚਾ ਸਿੰਘ (ਸ਼ਹੀਦ ਬੇਅੰਤ ਸਿੰਘ ਦੇ ਪਿਤਾ ਜੀ) ਮਨੀ ਸਿੰਘ, ਮੇਹਰ ਸਿੰਘ, ਅਖੰਡ ਕੀਰਤਨੀ ਜਥੇ ’ਚ, ਬਹਾਦਰ ਸਿੰਘ ਅਤੇ ਪੁੱਤਰੀਆਂ ਲਾਭ ਕੌਰ, ਗੁਰਨਾਮ ਕੌਰ, ਮਹਿਤਾਬ ਕੌਰ ਸਨ। ਬਾਪੂ ਸੁੱਚਾ ਸਿੰਘ ਬਚਪਨ ਵਿਚ ਆਪਣੇ ਸਾਥੀਆਂ ਨਾਲ ਪੰਡਤ ਕੋਲ ਪੜ੍ਹਨੇ ਪਏ, ਉਹ ਉਰਦੂ ਦੇ ਅੱਖ਼ਰ ਅਲਫ਼.ਬੇ.ਪੇ.ਜੇ. ਪੜ੍ਹਾਉਣ ਲੱਗਾ ਤਾਂ ਸੁੱਚਾ ਸਿੰਘ ਤੇ ਸਾਥੀ ਸਿੱਖ ਮੁੰਡਿਆਂ ਅਜੈਬ ਸਿੰਘ, ਸਤਵੰਤ ਸਿੰਘ, ਕਿਰਪਾਲ ਸਿੰਘ, ਹਰਨਾਮ ਸਿੰਘ, ਜਾਗਰ ਸਿੰਘ ਨੇ ਪੜ੍ਹਨੋਂ ਇਨਕਾਰ ਕਰ ਦਿੱਤਾ ਕਿ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਵਾਲੀ ਗੁਰਮੁਖੀ ਪੜ੍ਹਨੀ ਹੈ, ਸ੍ਰੀ ਗੁਰੂ ਅੰਗਦ ਦੇਵ ਜੀ ਵਾਲੀ ਗੁਰਮੁਖੀ ਪੰਜਾਬੀ ਸਾਨੂੰ ਪੜਾਉ। ਪੰਡਤ ਜੀ ਗੁਰਮੁਖੀ ਪੜ੍ਹੇ ਨਹੀਂ ਸਨ, ਇਸ ਕਰਕੇ ਉਸ ਕੋਲੋਂ ਹਟ ਕੇ ਬਾਬਾ ਭਗਵਾਨ ਦਾਸ ਜੀ ਤੋਂ ਗੁਰਮੁਖੀ ਅੱਖਰਾਂ ਦੀ ਸਿੱਖਿਆ ਲਈ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਬਾਣੀ ਦੇ ਪਾਠ ਦੀ ਸੰਥਿਆ ਲਈ। ਬਾਪੂ ਸੁੱਚਾ ਸਿੰਘ ਜੀ ਪਿਤਾ ਪੁਰਖੀ ਖੱਡੀ ਦਾ ਕੰਮ ਕਰਨ ਲੱਗ ਪਏ, ਹੱਥੀਂ ਤਿਆਰ ਕੀਤਾ ਕੱਪੜਾ, ਵਪਾਰੀ ਬਹੁਤ ਦੂਰ ਤਕ ਲੈ ਕੇ ਜਾਂਦੇ ਸਨ, ਖੱਡੀ ਦੇ ਕੰਮ ’ਚ ਚੰਗਾ ਮੁਨਾਫਾ ਤੇ ਵਧੀਆ ਕੰਮ ਚੱਲਿਆ ਸੀ, ਜਿਸ ਸਦਕਾ ਬਾਪੂ ਸੁੱਚਾ ਸਿੰਘ ਮਲੋਆ ਆਪਣੇ ਪੰਜ ਪੁੱਤਰਾਂ ਅਤੇ ਧੀ ਨੂੰ ਉੱਚ ਵਿਦਿਆ ਦਿਵਾਉਣ ਵਿਚ ਕਾਮਯਾਬ ਹੋ ਗਏ । ਦੋ ਪੁੱਤਰ ਸਮਸ਼ੇਰ ਸਿੰਘ, ਗੁਰਦਰਸ਼ਨ ਸਿੰਘ ਸੈਸ਼ਨ ਜੱਜ ਦੇ ਅਹੁਦੇ ’ਤੇ ਹਨ ਅਤੇ ਦੋ ਕਿਰਪਾਲ ਸਿੰਘ ਦਲਜੀਤ ਸਿੰਘ ਇੰਗਲੈਂਡ ਵਿਚ ਵੱਸੇ ਹੋਏ ਹਨ, ਸ਼ਹੀਦ ਸ: ਬੇਅੰਤ ਸਿੰਘ ਦਿੱਲੀ ਪੁਲਿਸ ਵਿਚ ਸਬ ਇੰਸਪੈਕਟਰ ਵਜੋਂ ਭਰਤੀ ਹੋਏ। ਸੰਨ 1960 ਵਿਚ ਸ਼ਹੀਦ ਬੇਅੰਤ ਸਿੰਘ 10 ਸਾਲ ਦੀ ਉਮਰ ਵਿਚ ਸੀ, ਨੇ ਵੀ ਅੰਮ੍ਰਿਤ ਛਕ ਲਿਆ । ਪਰ ਬਾਅਦ ਵਿਚ ਕਾਲਜ ਦੀ ਪੜ੍ਹਾਈ ਵੇਲੇ ਬੇਅੰਤ ਸਿੰਘ ਦਾ ਅੰਮ੍ਰਿਤ ਭੰਗ ਹੋ ਗਿਆ ਸੀ । ਪਰ ਸ: ਬੇਅੰਤ ਸਿੰਘ ਗੁਰੂ ਸਾਹਿਬਾਨ ਦਾ ਇਤਿਹਾਸ, ਕੁਰਬਾਨੀ ਅਠਾਰ੍ਹਵੀਂ ਸਦੀ ਦੇ ਸੂਰਬੀਰ ਬਹਾਦਰ ਯੋਧਿਆਂ ਦੇ ਸੂਰਮਗਤੀ ਭਰੇ ਕਾਰਨਾਮਿਆਂ ਤੋਂ ਬੇਹੱਦ ਪ੍ਰਭਾਵਿਤ ਸੀ, ਪਰ ਨਾਲ ਨਾਲ ਕਮਿਊਨਿਸਟ ਵਿਚਾਰਧਾਰਾ ਵੀ ਭਾਰੂ ਹੋ ਗਈ ਤੇ ਹਰ ਗੱਲ ’ਤੇ ਦੁਚਿੱਤੀ ਵਿਚ ਰਹਿਣ ਦਾ ਸੁਭਾ ਬਣ ਗਿਆ ਸੀ। ਭਾਈ ਬੇਅੰਤ ਸਿੰਘ ਨੇ ਦੁਬਾਰਾ ਅੰਮ੍ਰਿਤ, 24 ਅਕਤੂਬਰ 1984 ਨੂੰ ਇੰਦਰਾ ਗਾਂਧੀ ਨੂੰ ਸੋਧਣ ਤੋਂ ਸਿਰਫ ਇਕ ਹਫ਼ਤਾ ਪਹਿਲਾਂ ਛਕਿਆ ਸੀ। ਭਾਈ ਬੇਅੰਤ ਸਿੰਘ ਨੇ ਮੁੱਢਲੀ ?

ਵਿਦਿਆ ਮਲੋਆ, ਤੀਰਾ ਹਮੀਰਪੁਰ ਅਤੇ ਖਾਲਸਾ ਹਾਈ ਸਕੂਲ ਤੋਂ ਪ੍ਰਾਪਤ ਕੀਤੀ। ਸੈਕਟਰ 23 ਚੰਡੀਗੜ੍ਹ ਦੇ ਹਾਇਰ ਸੈਕੰਡਰੀ ਸਕੂਲ ਵਿਚੋਂ ਹਾਇਰ ਸੈਕੰਡਰੀ ਪਾਸ ਕੀਤੀ। ਬਾਅਦ ਵਿਚ ਸੈਕਟਰ 11 ਦੇ ਸਰਕਾਰੀ ਕਾਲਜ ਵਿਚ ਦਾਖਲ ਹੋਏ। ਇਸੇ ਹੀ ਸਮੇਂ (1969-70) ਵਿਚ ਉਨ੍ਹਾਂ ਪੰਜਾਬ ਯੂਨੀਵਰਸਿਟੀ ਤੋਂ ਰੂਸੀ ਭਾਸ਼ਾ ਡਿਪਲੋਮਾ ਪਾਸ ਕੀਤਾ ਤੇ ਬਾਅਦ ਵਿਚ ਦਿੱਲੀ ਚਲੇ ਗਏ, ਤੇ ਦਿੱਲੀ ਪੁਲਿਸ ਵਿਚ ਸਬ-ਇੰਸਪੈਕਟਰ ਵਜੋਂ ਭਰਤੀ ਹੋ ਗਏ। 1976 ਵਿਚ ਨਵੀਂ ਦਿੱਲੀ, ਬਿਸ਼ਨੂੰ ਗਾਰਡਨ ਦੇ ਤਰਖਾਣ ਸਿੱਖ ਸ: ਬਲਜੀਤ ਸਿੰਘ ਦੀ ਸਪੁੱਤਰੀ ਬਿਮਲ ਕੌਰ ਨਾਲ ਵਿਆਹ ਕਰਵਾਇਆ, ਬਿਮਲ ਕੌਰ ਉਸ ਸਮੇਂ ਲੇਡੀ ਹਾਰਡਿੰਗ ਹਸਪਤਾਲ ਵਿਚ ਨਰਸਿੰਗ ਦਾ ਕੋਰਸ ਕਰਦੀ ਸੀ, ਇਹ ਇਨ੍ਹਾਂ ਦਾ ਪ੍ਰੇਮ ਵਿਆਹ ਸੀ ਤੇ ਦੋਵਾਂ ਪਰਿਵਾਰਾਂ ਦੀ ਸਹਿਮਤੀ ਸੀ । ਇਨ੍ਹਾਂ ਦੇ ਦੋ ਪੁੱਤਰਾਂ ਤੇ ਇਕ ਲੜਕੀ ਨੇ ਜਨਮ ਲਿਆ ।?

ਭਾਈ ਬੇਅੰਤ ਸਿੰਘ ਦੀ ਨੌਕਰੀ ਉਸ ਸਮੇਂ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਮੁੱਢਲੀ ਸੁਰੱਖਿਆ ਗਾਰਦ ਵਿਚ ਰਹੀ ਤੇ ਉਹਨਾਂ ਬੜੀ ਵਫਾਦਾਰੀ ਤੇ ਤਨਦੇਹੀ ਨਾਲ ਡਿਊਟੀ ਨੂੰ ਨਿਭਾਇਆ । ਜੂਨ



1984 ਵਿਚ ਇੰਦਰਾ ਗਾਂਧੀ (ਪ੍ਰਧਾਨ ਮੰਤਰੀ) ਦੇ ਹੁਕਮ ’ਤੇ ਸ੍ਰੀ ਹਰਿਮੰਦਰ ਸਾਹਿਬ ’ਤੇ ਵਰਤਾਇਆ ਫੌਜੀ ਹਮਲਾ, ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਮਨਾਉਣ ਆਏ ਸਿੱਖਾਂ ਦੀ ਕਤਲੇਆਮ, ਸ੍ਰੀ ਹਰਿਮੰਦਰ ਸਾਹਿਬ ਨੂੰ ਭਾਰਤੀ ਫੌਜ ਦੀਆਂ ਗੋਲੀਆਂ ਨਾਲ ਛਲਣੀ ਕਰ ਦਿੱਤਾ ਗਿਆ, ਸ੍ਰੀ ਅਕਾਲ ਤਖਤ ਸਾਹਿਬ ਨੂੰ ਤੋਪਾਂ ਟੈਂਕਾਂ ਨਾਲ ਢਾਹ ਦਿੱਤਾ। ਸਿੱਖਾਂ ਦੀ ਇੱਜ਼ਤ ਦੀ ਪੱਗ, ਹਿੰਦੁਸਤਾਨੀ ਸਰਕਾਰ ਦੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਨੇ ਪੈਰਾਂ ਹੇਠ ਰੋਲ ਦਿੱਤੀ। ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਸਿੱਖ ਕੌਮ ਦੀ ਅਜ਼ਾਦੀ ਤੇ ਸਿੱਖ ਹੱਕਾਂ ਦੀ ਅਜ਼ਾਦੀ ਦੇ ਸੰਘਰਸ਼ ਨੂੰ ਭਾਈ ਬੇਅੰਤ ਸਿੰਘ ਅੱਤਵਾਦੀ ਕਾਰਵਾਈਆਂ ਹੀ ਮੰਨਦਾ ਸੀ ਤੇ ਸਹੀ ਅਰਥਾਂ ਵਿਚ ਹਿੰਦੁਸਤਾਨ ਦੀ ਏਕਤਾ ਤੇ ਅਖੰਡਤਾ ਦੇ ਨਾਅਰੇ ਦਾ ਮੁੱਦਈ ਸੀ। ਜੂਨ 1984 ਵਿਚ ਘੱਲੂਘਾਰੇ ਦੀ ਨਮੋਸ਼ੀ ਦੀ ਮਾਰੀ ਸਿੱਖ ਕੌਮ ਜਲਾਲਤ ਦੀ ਜ਼ਿੰਦਗੀ ਜੀਅ ਰਹੀ ਸੀ । ਅਗਸਤ 1984 ’ਚ ਕਈ ਥਾਵਾਂ ’ਤੇ ਬਾਜ਼ ਆਉਣ ਦੀਆਂ ਖਬਰਾਂ ਆਉਣੀਆਂ ਸ਼ੁਰੂ ਹੋ ਗਈਆਂ। ਬਾਜ਼ (ਪੰਛੀ) ਬਾਦਸ਼ਾਹੀ ਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਸਿੱਖ ਮਨਾਂ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੰਦੇਸ਼ ਪਹੁੰਚਾਉਣ ਦਾ ਦੂਤ ਮੰਨਿਆ ਜਾਂਦਾ ਹੈ। ਜਦੋਂ ਵੀ ਸਿੱਖ ਕੌਮ ਉੱਤੇ ਭੀੜ ਬਣਦੀ ਹੈ ਤਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਸਿੱਖਾਂ ਨੂੰ ਜ਼ੁਲਮ ਵਿਰੁੱਧ ਟੱਕਰ ਲੈਣ ਦਾ ਸੰਦੇਸ਼ ਬਾਜ਼ ਰਾਹੀਂ ਭੇਜ ਦੇਂਦੇ ਹਨ ਤੇ ਸਿੱਖ ਜ਼ਾਲਮਾਂ ਨੂੰ ਲੋਹੇ ਦੇ ਚਣੇ ਚਬਾਉਣ ਲੱਗ ਪੈਂਦੇ ਹਨ। ਇਹ ਹਕੀਕਤ ਤੌਰ ਤੇ ਸਚਿਆਈ ਹੈ ਕਿ ਜੂਨ 1984 ਦੇ ਘੱਲੂਘਾਰੇ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਉੱਪਰ ਹੋਏ ਹਿੰਦੁਸਤਾਨੀ ਸਰਕਾਰ ਦੇ ਫੌਜੀ ਹਮਲੇ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਬਾਜ਼, ਪੰਜਾਬ ਦੇ ਗੁਰਦੁਆਰਿਆਂ ’ਚ ਆਮ ਥਾਵਾਂ ’ਤੇ ਆਇਆ। ਬਾਜ਼ ਗੁਰਦੁਆਰਾ ਸਾਹਿਬ ਦੇ ਨਿਸ਼ਾਨ ਸਾਹਿਬ ਦੇ ਥੜ੍ਹੇ ’ਤੇ ਆ ਕੇ ਬੈਠ ਜਾਂਦਾ, ਸਿੱਖ ਸੰਗਤਾਂ ਦਰਸ਼ਨ ਕਰਨ ਲਈ ਜਾਂਦੀਆਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਅਰੰਭ ਹੋ ਜਾਂਦੇ । ਭੋਗ ਪੈਂਦਾ, ਅਰਦਾਸ ਉਪਰੰਤ ਦੇਗ ਦਾ ਪ੍ਰਸ਼ਾਦ ਜੋ ਸੰਗਤ ਕੌਲ ਵਿਚ ਪਾ ਕੇ ਅੱਗੇ ਰੱਖ ਦੇਂਦੀਆਂ, ਬਾਜ਼ ਪ੍ਰਸ਼ਾਦ ਛਕ ਕੇ ਉੱਡ ਜਾਂਦਾ, ਇਹ ਕੌਤਕ ਪੰਜਾਬ ਅੰਦਰ ਆਮ ਹੀ ਵੇਖਿਆ ਗਿਆ।?

ਜੂਨ 1984 ਤੋਂ ਬਾਅਦ ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਬਾਜ਼ ਆਇਆ, ਨਿਸ਼ਾਨ ਸਾਹਿਬ ਦੇ ਬੜ੍ਹਾ ਸਾਹਿਬ ’ਤੇ ਬੈਠ ਗਿਆ । ਹਜ਼ਾਰਾ ਦੀ ਗਿਣਤੀ ਵਿਚ ਸਿੱਖ ਸੰਗਤਾਂ ਦਰਸ਼ਨ ਕਰਨ ਆਈਆਂ। ਜਿਨ੍ਹਾਂ ਵਿਚ ਸ਼ਹੀਦ ਸ: ਕਿਹਰ ਸਿੰਘ ਮੁਸਤਫਾਬਾਦ, ਜੋ ਦਿੱਲੀ ਸਿਵਲੀਅਨ ਮਹਿਕਮੇ ਵਿਚ ਕਲਰਕ ਦੀ ਨੌਕਰੀ ਕਰਦਾ ਸੀ ਤੇ ਬੇਅੰਤ ਸਿੰਘ ਦਾ ਰਿਸ਼ਤੇਦਾਰੀ ਵਿਚ ਫੁੱਫੜ ਲੱਗਦਾ ਸੀ, ਬਾਜ਼ ਦੇ ਦਰਸ਼ਨ ਕਰਕੇ ਸ਼ਾਮ ਨੂੰ ਵਾਪਸ ਆ ਰਿਹਾ ਸੀ । ਐਤਵਾਰ ਦਾ ਦਿਨ ਸੀ; ਅੱਗੋਂ ਭਾਈ ਬੇਅੰਤ ਸਿੰਘ ਮਿਲ ਪਿਆ, ਕਹਿੰਦਾ- ਫੁੱਫੜ ਜੀ! ਅੱਗੇ ਤਾਂ ਗੁਰਦੁਆਰਾ ਸਾਹਿਬ ਮੱਥਾ ਟੇਕ ਕੇ ਵਾਪਸ ਛੇਤੀ ਆ ਜਾਂਦੇ ਸੀ, ਮੈਂ ਦੋ ਵਾਰ ਮਿਲਣ ਗਿਆ ਤੁਸੀਂ ਮਿਲੇ ਨਹੀਂ ? ਭਾਈ ਕਿਹਰ ਸਿੰਘ ਜੋ ਧਾਰਮਿਕ ਵਿਚਾਰਾਂ ਦਾ ਤੇ ਸਿੱਖੀ ਦੀ ਜੁਝਾਰੂ ਵਿਚਾਰਧਾਰਾ ਦਾ ਧਾਰਨੀ ਸੀ ਕਹਿੰਦਾ-ਬੇਅੰਤ ਸਿੰਘ । ਅੱਜ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦਾ ਬਾਜ਼ ਆਇਆ, ਦਰਸ਼ਨ ਕਰਦਿਆਂ ਸਾਰਾ ਦਿਨ ਲੰਘ ਗਿਆ । ਤੂੰ ਵੀ ਦਰਸ਼ਨ ਕਰ ਆਉਣੇ ਸੀ । ਬੇਅੰਤ ਸਿੰਘ ਕਹਿੰਦਾ-ਫੁੱਫੜ ਜੀ, ਤੁਸੀਂ ਵੀ ਬਹੁਤੇ ਭੋਲੇ ਜੇ, ਗੁਰੂ ਗੋਬਿੰਦ ਸਿੰਘ ਜੀ ਦਾ ਬਾਜ਼ ਕਾਹਦਾ ਆਉਣਾ, ਕੋਈ ਲਗੜ ਚਿੜੀ ਜਹੀ ਕਿਤੇ ਬਨ੍ਹੇਰੇ ’ਤੇ ਆ ਕ ਬੈਠ ਜਾਵੇ, ਸਿੱਖ ਪਾਗ਼ਲਾਂ ਵਾਂਗ ਰੌਲਾ ਪਾਈ ਜਾਂਦੇ । ਅੱਗੇ ਤੁਹਾਡੇ ਵਰਗੇ ਅਫਵਾਹਾਂ ਫੈਲਾਉਣ ਵਾਲਿਆਂ ਨੇ ਪੰਜਾਬ ਦੇ ਹਾਲਾਤ ਵਿਗਾੜ ਦਿੱਤੇ, ਸਰਕਾਰ ਨੇ ਸਖਤੀ ਵਰਤ ਕੇ ਹਾਲਾਤ ’ਤੇ ਕਾਬੂ ਪਾਇਆ, ਹੁਣ ਤੁਸੀਂ ਝੱਲੇ ਹੋਏ ਫਿਰਦੇ। ਮੈਂ ਨਹੀਂ ਐਹੋ ਜਿਹੀਆਂ ਗੱਲਾਂ ’ਤੇ ਵਿਸ਼ਵਾਸ ਰੱਖਦਾ। ਬੇਅੰਤ ਸਿੰਘ ਦੀਆਂ ਖਰ੍ਹਵੀਆਂ ਗੱਲਾਂ ਨੇ ਦਰਵੇਸ਼ ਕਿਹਰ ਸਿੰਘ ਦੇ ਕੋਮਲ ਮਨ ਨੂੰ ਠੇਸ ਪਹੁੰਚਾਈ। ਦੋਵੇਂ ਆਪੋ ਆਪਣੇ ਘਰਾਂ ਦੇ ਰਸਤੇ ਪੈ ਗਏ। ਅਗਲੇ ਦਿਨ ਬੇਅੰਤ ਸਿੰਘ ਡਿਊਟੀ ’ਤੇ ਗਿਆ ਤਾਂ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸੁਰੱਖਿਆ ਗਾਰਦ ਵਿਚ ਤਾਇਨਾਤ ਸ: ਬਲਬੀਰ ਸਿੰਘ ਸਬ-ਇੰਸਪੈਕਟਰ ਨੇ ਬੇਅੰਤ ਸਿੰਘ ਨਾਲ ਗੱਲ ਛੇੜੀ-ਭਾਈ ਬੇਅੰਤ ਸਿੰਘ ਜੀ ਗੁਰੂ ਗੋਬਿੰਦ ਸਿੰਘ ਦਾ ਬਾਜ਼, ਸਿੱਖਾਂ ਨੂੰ ਵੰਗਾਰਦਾ, ਕਹਿੰਦਾ ਕੁਝ ਕਰੋ ਜਾਂ ਮਰੋ ? ਬੇਅੰਤ ਸਿੰਘ ਕਹਿੰਦਾ-ਬਲਬੀਰ ਸਿੰਘ, ਮੈਂ ਨਹੀਂ ਇਹੋ ਜਿਹੀਆਂ ਕੱਚੀਆਂ ਗੱਲਾਂ ਨੂੰ ਮੰਨਦਾ । ਬਲਬੀਰ ਸਿੰਘ ਕਹਿੰਦਾ-ਭਾਈ ਬੇਅੰਤ ਸਿੰਘ, ਤੂੰ ਕਿਵੇਂ ਮੰਨੇਗਾ ? ਬੇਅੰਤ ਸਿੰਘ ਕਹਿੰਦਾ-ਜੇ ਬਾਜ਼ ਮੇਰੇ ਹੱਥ ਉੱਤੇ ਆ ਕੇ ਬੈਠ ਜਾਵੇ, ਫਿਰ ਮੰਨਾਂਗਾ ਹੀ ਨਹੀਂ, ਜੋ ਸਿੱਖ ਚਾਹੁੰਦੇ ਕਰਾਂਗਾ ਵੀ। ਇੰਨੀ ਗੱਲ ਕਰਦਿਆਂ ਬਾਜ਼ ਉੱਡਦਾ ਹੋਇਆ, ਟਾਹਲੀ ਉਤੇ ਬੈਠ ਗਿਆ, ਹੇਠਾਂ ਦੋਵੇਂ ਸਿੱਖ ਇੰਸਪੈਕਟਰ ਡਿਊਟੀ ਉੱਤੇ ਹੀ ਹੋਲੀ ਹੌਲੀ ਪੰਜਾਬੀ ਵਿਚ ਗੱਲਾਂ ਕਰ ਰਹੇ ਸਨ । ਲਾਗੇ ਇੰਡੋ ਤਿੱਬਤੀ ਪੁਲਿਸ ਦੇ ਜਵਾਨ ਵੀ ਸਨ। ਉਹ ਪੰਜਾਬੀ ਨੂੰ ਸਮਝ ਨਹੀਂ ਸੀ ਸਕਦੇ। ਟਾਹਲੀ ’ਤੇ ਬੈਠਾ ਬਾਜ਼ ਵੇਖ ਕੇ ਬਲਬੀਰ ਸਿੰਘ ਨੇ ਕਿਹਾ-ਭਾਈ ਬੇਅੰਤ ਸਿੰਘ! ਗੁਰੂ ਸਾਹਿਬ ਨੇ ਬਾਜ਼ ਭੇਜ ਦਿੱਤਾ, ਆਪਾਂ ਨੂੰ ਸੁਨੇਹਾ ਦੇਂਦਾ, ਅਸੀਂ ਸਮਝ ਨਹੀਂ ਰਹੇ । ਬੇਅੰਤ ਸਿੰਘ ਕਹਿੰਦਾ-ਬਲਬੀਰ ਸਿੰਘ, ਜੇ ਗੁਰੂ ਸਾਹਿਬ ਦਾ ਬਾਜ਼ ਸਾਨੂੰ ਸੱਚਮੁੱਚ ਕੁਰਬਾਨੀ ਕਰਨ ਦਾ ਸੁਨੇਹਾ ਦੇਣ ਆਇਆ, ਮੇਰੇ ਹੱਥ ’ਤੇ ਬੈਠ ਜਾਵੇ, ਮੈਂ ਹਰ ਤਰ੍ਹਾਂ ਦੀ ਕੁਰਬਾਨੀ ਕਰਾਂਗਾ।?



ਬੇਅੰਤ ਸਿੰਘ ਕੋਈ ਹੋਰ ਗੱਲ ਕਰਦਾ, ਬਾਜ਼ ਟਾਹਲੀ ਤੋਂ ਉੱਡ ਕੇ ਬੇਅੰਤ ਸਿੰਘ ਦੇ ਹੱਥ ਉਤੇ ਬੈਠ ਗਿਆ, ਫਿਰ ਕੀ ਸੀ, ਬੇਅੰਤ ਸਿੰਘ ਦੇ ਮਨ ਉੱਤੋਂ ਨਾਸਤਿਕਤਾ ਦੀਆਂ ਸਾਰੀਆਂ ਪਰਤਾਂ ਲਹਿ ਗਈਆਂ । ਅੱਖਾਂ ਵਿੱਚੋਂ ਹੰਝੂ ਵਗੀ ਜਾਣ, ਦੇਸ਼ ਦੀ ਏਕਤਾ ਅਖੰਡਤਾ ਦਾ ਮੁੱਦਈ, ਸ੍ਰੀ ਹਰਿਮੰਦਰ ਸਾਹਿਬ ਛਲਣੀ ਹੋਏ, ਸ੍ਰੀ ਅਕਾਲ ਤਖਤ ਸਾਹਿਬ ਢੱਠੇ ਹੋਏ ਅਤੇ ਹਜ਼ਾਰਾਂ ਸਿੱਖਾਂ ਦੇ ਹਰਿਮੰਦਰ ਸਾਹਿਬ ਹੋਏ ਕਤਲੇਆਮ ਜੋ ਲੋਕਾਂ ਤੋਂ ਸੁਣੇ ਸੀ, ਉਸਦੀ ਤਸਵੀਰ ਅੱਖਾਂ ਸਾਹਮਣੇ ਆ ਗਈ ਅਤੇ ਹਿੰਦੁਸਤਾਨੀ ਮੋਹ ਵੀ ਜਾਂਦਾ ਰਿਹਾ। ਬਲਬੀਰ ਸਿੰਘ ਤੇ ਇੰਡੋ ਤਿੱਬਤੀਅਨ ਗਾਰਦ ਦੇ ਜਵਾਨ ਵੀ ਅਜਬ - ਨਜ਼ਾਰੇ ਵੇਖ ਰਹੇ ਸਨ । ਖਾਕੀ ਵਰਦੀ ਵਿਚ ਪੁਲਿਸ ਇੰਸਪੈਕਟਰ ਦੇ ਹੱਥ ’ਤੇ ਬਾਜ਼ ਬੈਠਾ, ਜੂਨ 1984 ’ਚ ਘੱਲੂਘਾਰਾ ਸ੍ਰੀ ਹਰਿਮੰਦਰ ਸਾਹਿਬ ’ਚ ਸਿੱਖਾਂ ਦੀ ਇੱਜ਼ਤ ਦੀ ਰੁਲੀ ਪੱਗ ਨੂੰ ਸਿੱਖਾਂ ਦੇ ਸਿਰਾਂ ਉਤੇ ਚੁੱਕ ਕੇ ਰੱਖਣ ਦਾ ਸੁਨੇਹਾ ਦੇ ਰਿਹਾ ਸੀ। ਮੋਟੀਆਂ ਲਾਲ ਸੂਹੀਆਂ ਅੱਖਾਂ (ਬਾਜ਼ ਦੀਆਂ) ਬੇਅੰਤ ਸਿੰਘ ਦੇ ਚਿਹਰੇ ’ਤੇ ਟਿਕੀਆਂ ਹੋਈਆਂ ਸਨ ਤੇ ਬੇਅੰਤ ਸਿੰਘ ਤੋਂ ਵਾਅਦਾ-ਵਫ਼ਾ ਕਰਨ ਦਾ ਜਵਾਬ ਉਡੀਕ ਰਹੀਆਂ ਸਨ।?

ਬੇਅੰਤ ਸਿੰਘ ਦੇ ਮੂੰਹੋਂ ਨਿਕਲਿਆ ਧੰਨ ਗੁਰੂ ਗੋਬਿੰਦ ਸਿੰਘ ਜੀ, ਤੂੰ ਤਾਂ ਦਿਲਾਂ ਦੀਆਂ ਜਾਣਨ ਵਾਲਾ, ਹੁਣ ਸਿੱਖ ਸੇਵਕ ਨੂੰ ਉੱਦਮ ਤੇ ਬਲ ਬਖ਼ਸ਼ ਕਿ ਮੈਂ ਸਿੱਖ ਕੌਮ ਸਿਰ ਹਕੂਮਤ ਵੱਲੋਂ ਚਾੜ੍ਹੀ ਭਾਜੀ, ਜ਼ਾਲਮਾਂ ਨੂੰ ਸੋਧ ਕੇ ਵਾਪਸ ਕਰ ਸਕਾਂ।?

ਬੇਅੰਤ ਸਿੰਘ ਦੀ ਕਾਇਆ-ਪਲਟ ਹੋ ਗਈ। ਹੁਣ ਉਸਨੂੰ ਮੌਤ ਵਿੱਚੋਂ ਵੀ ਜ਼ਿੰਦਗੀ ਨਜ਼ਰ ਆ ਰਹੀ ਸੀ, 18ਵੀਂ ਸਦੀ ਦੇ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਦਾ ਵਾਰਸ ਬਣਨ ਦਾ ਮਨ ਵਿਚ ਉਸ ਨੇ ਪੱਕਾ ਫੈਸਲਾ ਕਰ ਲਿਆ ਸੀ।?

ਬੇਅੰਤ ਸਿੰਘ ਅਗਲੇ ਦਿਨ ਕਿਹਰ ਸਿੰਘ ਦੇ ਘਰ ਗਿਆ ਤੇ ਆਪਣੇ ਦਿਲ ਦੀ ਭਾਵਨਾ ਤੇ ਸਾਰੀ ਹਕੀਕਤ ਬਿਆਨ ਕਰ ਦਿੱਤੀ। ਉਸ ਤੋਂ ਸਿਵਾ ਕੋਈ ਹੋਰ ਉਸਦਾ ਇੰਨਾ ਵੱਡਾ ਵਿਸ਼ਵਾਸ ਪਾਤਰ ਵੀ ਨਹੀਂ ਸੀ । ਹੁਣ ਬੇਅੰਤ ਸਿੰਘ ਤੇ ਕਿਹਰ ਸਿੰਘ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਚ ਜੂਨ 1984 ਵਿਚ ਹੋਈ ਬੀਤੀ ਅੱਖੀਂ ਵੇਖਣਾ ਚਾਹੁੰਦੇ ਸਨ ਤੇ ਇਕ ਗੱਭਰੂ ਸਾਥੀ ਸਤਵੰਤ ਸਿੰਘ ਨੂੰ ਹੋਰ ਨਾਲ ਗੰਢ ਲਿਆ ਸੀ। ਅੰਮ੍ਰਿਤਸਰ ਹੋਈ ਬੀਤੀ ਵੇਖ ਕੇ ਵਾਪਸ ਦਿੱਲੀ ਜਾ ਕੇ 24 ਅਕਤੂਬਰ 1984 ਨੂੰ ਸ: ਬੇਅੰਤ ਸਿੰਘ ਨੇ ਆਪਣੀ ਪਤਨੀ ਬਿਮਲ ਕੌਰ ਨਾਲ ਦਿੱਲੀ ਦੇ ਗੁਰਦੁਆਰਾ ਸਾਹਿਬ ਤੋਂ ਅੰਮ੍ਰਿਤ ਛਕ ਕੇ, ਸਿੱਖੀ ਸਰੂਪ ਧਾਰਨ ਕਰ ਲਿਆ। 25 ਅਕਤੂਬਰ ਤੋਂ ਹੀ ਬਿਮਲ ਕੌਰ ਨੇ ਸਕੂਟਰ ਚਲਾਉਣ ਸਮੇਂ ਹੈਲਮੈੱਟ ਪਾਉਣ ਤੋਂ ਇਨਕਾਰ ਕਰ ਦਿੱਤਾ। ਸਿਰ ਉੱਪਰ ਕੇਸਕੀ ਸਜਾਉਣੀ ਸ਼ੁਰੂ ਕਰ ਦਿੱਤੀ । ਬੀਬੀ ਬਿਮਲ ਕੌਰ ਖਾਲਸਾ ਦੇ ਨਾਂ ਨਾਲ ਪ੍ਰਸਿੱਧ ਹੋਈ ਤੇ ਸਿੱਖ ਸੰਘਰਸ਼ ਵਿਚ ਹਿੱਸਾ ਵੀ ਪਾਇਆ ਤੇ 1989 ਦੀਆਂ ਪਾਰਲੀਮੈਂਟ ਚੋਣਾਂ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਸਿੱਖ ਸੰਘਰਸ਼ ਵਿਚ ਬੜੀ ਦਲੇਰੀ ਨਾਲ ਹਿੱਸਾ ਪਾਇਆ, ਅਖੌਤੀ ਪੰਥਕ ਅਕਾਲੀ ਮੁੱਖ ਮੰਤਰੀ ਸੁਰਜੀਤ ਸਿਹੁੰ ਬਰਨਾਲਾ ਸਰਕਾਰ ਦੇ ਜਬਰ ਦਾ ਸਾਹਮਣਾ ਵੀ ਕੀਤਾ ਅਤੇ ਕਈ ਵਾਰ ਜੇਲ੍ਹਾਂ ਵੀ ਕੱਟੀਆਂ। ਭਾਈ ਬੇਅੰਤ ਸਿੰਘ ਦੀ ਸ਼ਹੀਦੀ ਤੋਂ ਬਾਅਦ ਆਪਣਾ ਸਮੁੱਚਾ ਜੀਵਨ ਸਿੱਖ ਕੌਮ ਦੇ ਸੰਘਰਸ਼ ਨੂੰ ਸਮਰਪਿਤ ਕਰ ਦਿੱਤਾ । ਬੀਬੀ ਬਿਮਲ ਕੌਰ ਖਾਲਸਾ ਕਿਸੇ ਗੁਪਤ ਦੁਸ਼ਮਣ ਦੀ ਚਾਲ ਸਾਜ਼ਿਸ਼ ਦਾ ਸ਼ਿਕਾਰ ਹੋ ਸਿੱਖ ਕੌਮ ਨੂੰ ਵਿਛੋੜਾ ਦੇ ਗਈ । ਬੀਬੀ ਬਿਮਲ ਕੌਰ ਖਾਲਸਾ ਦਾ ਜੀਵਨ ਸਿੱਖ ਬੀਬੀਆਂ ਲਈ ਪ੍ਰੇਰਨਾ ਦਾ ਸਰੋਤ ਰਹੇਗਾ। ਸ਼ਹੀਦ ਬੇਅੰਤ ਸਿੰਘ ਤੇ ਬੀਬੀ ਬਿਮਲ ਕੌਰ ਖਾਲਸਾ ਦੇ ਦੋ ਬੇਟੇ ਸਰਬਜੀਤ ਸਿੰਘ, ਜਸਵਿੰਦਰ ਸਿੰਘ ਤੇ ਇਕ ਬੇਟੀ ਹੈ, ਜੋ ਪਿੱਛੇ ਛੱਡ ਗਏ ਹਨ।?

ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਕਿਹਰ ਸਿੰਘ ਦੀ ਬਰਸੀ ਤੇ ਸ਼ਹੀਦ ਭਾਈ ਸਤਵੰਤ ਸਿੰਘ ਦੇ ਘਰ ਪਿੰਡ ਅਗਵਾਨ ਖ਼ੁਰਦ (ਨੇੜੇ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ) 6 ਜਨਵਰੀ 2005 ਨੂੰ ਸਵੇਰੇ 6 ਵਜੇ ਬਾਪੂ ਤਰਲੋਕ ਸਿੰਘ ਤੇ ਬਾਪੂ ਸੁੱਚਾ ਸਿੰਘ ਮਲੋਆ ਇਕੱਠੇ ਇੱਕੋ ਮੰਜੇ ’ਤੇ ਸੁੱਤੇ ਹੋਏ ਸਨ, ਬਾਪੂ ਤਰਲੋਕ ਸਿੰਘ ਤੇ ਸ. ਕਿਰਪਾਲ ਸਿੰਘ ਖਾਲਸਾ ਅਤੇ ਸ. ਦਲਬੀਰ ਸਿੰਘ ਬਾਠ ਭੀਲੋਵਾਲ, ਅਤੇ ਸ: ਗੁਰਮੀਤ ਸਿੰਘ ਸਾਬਕਾ ਏ.ਐੱਸ.ਆਈ (ਦਿੱਲੀ ਪੁਲਿਸ) ਪਿੰਡ ਅਗਵਾਨ ਖ਼ੁਰਦ ਦੀ ਹਾਜ਼ਰੀ ਵਿਚ ਉਪ੍ਰੋਕਤ ਜਾਣਕਾਰੀ ਬਾਪੂ ਸੁੱਚਾ ਸਿੰਘ ਐਮ.ਪੀ. ਨੇ ਇਸ ਲੇਖਕ ਨੂੰ ਨੋਟ ਕਰਾਈ। ਬਾਜ਼ ਬਾਰੇ ਜਾਣਕਾਰੀ ਸ਼ਹੀਦ ਭਾਈ ਸਤਵੰਤ ਸਿੰਘ ਦੇ ਪੱਗਵੱਟ ਭਰਾ ਜਿਗਰੀ ਦੋਸਤ ਸ. ਹਰਜਿੰਦਰ ਸਿੰਘ ਨੇ ਨੋਟ ਕਰਾਈ।

ਬਾਪੂ ਸੁੱਚਾ ਸਿੰਘ ਮਲੋਆ (ਸਾਬਕਾ ਐਮ.ਪੀ.) ਪਿਤਾ ਸ਼ਹੀਦ ਸ. ਬੇਅੰਤ ਸਿੰਘ ਨੇ ਆਪਣੀ ਉਮਰ 102 ਸਾਲ 21 ਦਿਨ ਲਿਖਾਈ । ਜਨਮ ਮਿਤੀ 16 ਦਸੰਬਰ 1902 ਦੱਸਿਆ । ਬਾਪੂ ਸੁੱਚਾ ਸਿੰਘ ਸਾਬਕਾ ਐਮ.ਪੀ. ਪੁੱਤਰ ਗਿਆਨੀ ਪ੍ਰਤਾਪ ਸਿੰਘ ਵਾਸੀ ਪਿੰਡ ਮਲੋਆ (ਪਿਤਾ ਸ਼ਹੀਦ ਬੇਅੰਤ ਸਿੰਘ) 6 ਜਨਵਰੀ, 2005 ਨੂੰ।

**- ਮਨਿੰਦਰ ਸਿੰਘ ਬਾਜਾ (ਹਿਸਟੋਰੀਅਨ)**

### ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ

# ਧੂਮਧਾਮ ਨਾਲ ਮਨਾਇਆ ਗਿਆ




**ਨਵੀਂ ਦਿੱਲੀ 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ ਪੁੱਤਰਾਂ ਦੇ ਦਾਨੀ ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ ਸੁਭਾਸ਼ ਨਗਰ ਦੇ ਇੱਕ ਬਲਾਕ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਵਿਖੇ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਚਾਰ ਦਿਨਾਂ ਧਾਰਮਿਕ ਪ੍ਰੋਗਰਾਮ ਦੇ ਪਹਿਲੇ ਦਿਨ, ਸੁਭਾਸ਼ ਨਗਰ ਵਿੱਚ ਇੱਕ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ, ਜੋ ਕਿ ਵੱਖ-ਵੱਖ ਬਲਾਕਾਂ ਵਿੱਚੋਂ ਲੰਘਦਾ ਹੋਇਆ ਰਾਤ ਨੂੰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਵਿੱਚ ਸ਼ਬਦ ਕੀਰਤਨੀ ਜਥਾ, ਗਤਕਾ ਪਾਰਟੀ ਅਤੇ ਝਾੜੂ ਜਥਾ ਸ਼ਾਮਲ ਸਨ। ਇਸ ਮੌਕੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਇੱਕ ਸੁੰਦਰ ਪਾਲਕੀ ਵਿੱਚ ਸਜਾਇਆ ਗਿਆ ਸੀ। ਨਗਰ ਕੀਰਤਨ ਦੇ ਰਸਤੇ ਵਿੱਚ ਪਾਲਕੀ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਕਈ ਤਰ੍ਹਾਂ ਦੇ ਲੰਗਰ ਸਟਾਲ ਲਗਾਏ ਗਏ। ਇਸ ਤੋਂ ਬਾਅਦ, ਤਿੰਨ ਦਿਨਾਂ ਲਈ ਗੁਰਬਾਣੀ ਕੀਰਤਨ ਦਰਬਾਰ ਆਯੋਜਿਤ ਕੀਤੇ ਗਏ । ਇਸ ਕੀਰਤਨ ਦਰਬਾਰ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਜਗਜੀਤ ਸਿੰਘ ਬਬੀਹਾ, ਚਮਨਜੀਤ ਸਿੰਘ ਲਾਲ, ਅਮਰਜੀਤ ਸਿੰਘ ਪਟਿਆਲੇ ਵਾਲੇ, ਜਸਪ੍ਰੀਤ ਸਿੰਘ ਸੋਨੂੰ ਵੀਰ ਜੀ, ਭਾਈ ਬਲਜੀਤ ਸਿੰਘ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਭਾਈ ਸੁਖਬੀਰ ਸਿੰਘ ਦਰਬਾਰ ਸਾਹਿਬ, ਭਾਈ ਸ਼ੁਭਦੀਪ ਸਿੰਘ ਦਰਬਾਰ ਸਾਹਿਬ, ਇਸ਼ਪ੍ਰੀਤ ਕੌਰ ਦਿਲੀ ਵਾਲੇ ਆਦਿ ਨੇ ਸ਼ਬਦ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਬਾਬਾ ਬੁੱਢਾ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰਦੁਆਰਾ ਸਾਹਿਬ ਵਿਖੇ ਸੁੰਦਰ ਰੋਸ਼ਨੀ ਕੀਤੀ ਗਈ, ਆਤਿਸ਼ਬਾਜੀ ਕੀਤੀ ਗਈ ਅਤੇ ਮਠਿਆਈਆਂ ਵੰਡੀਆਂ ਗਈਆਂ। ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਦੀ ਕਮੇਟੀ ਦੇ ਪ੍ਰਧਾਨ ਬਲਦੇਵ ਸਿੰਘ ਵੀਰ ਜੀ ਨੇ ਦੱਸਿਆ ਕਿ ਇਹ ਸਾਰਾ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਗਿਆ ਹੈ ਅਤੇ ਭਵਿੱਖ ਵਿੱਚ ਵੀ ਹਰ ਸਾਲ ਬਾਬਾ ਬੁੱਢਾ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਕਮੇਟੀ ਦੇ ਸਕੱਤਰ ਅਮਰਜੀਤ ਸਿੰਘ ਅਮਰ, ਮੀਤ ਪ੍ਰਧਾਨ ਪਰਮਜੀਤ ਸਿੰਘ ਪੰਮਾ, ਐਚ.ਐਸ. ਸੇਠੀ, ਖਜ਼ਾਨਚੀ ਗੋਪਾਲ ਸਿੰਘ, ਸਤਵਿੰਦਰ ਸਿੰਘ ਛਿੰਦਾ, ਜਗਮੋਹਨ ਸਿੰਘ ਮੋਹਣੀ, ਨਵਪ੍ਰੀਤ ਸਿੰਘ, ਗੁਰਮੀਤ ਕੌਰ ਓਬਰਾਏ, ਜਸਪ੍ਰੀਤ ਸਿੰਘ ਬੰਟੀ, ਗੋਲਡੀ ਵੀਰ ਜੀ ਆਦਿ ਹਾਜ਼ਰ ਸਨ। ਇਸ ਮੌਕੇ ਵਿਧਾਇਕ ਸ਼ਿਆਮ ਸ਼ਰਮਾ, ਜਰਨੈਲ ਸਿੰਘ, ਨਗਰ ਕੌਂਸਲਰ ਹਰੀਸ਼ ਓਬਰਾਏ, ਸ਼ਿਲਪਾ ਕੌਰ ਬਿੱਟੂ, ਰਾਜੇਸ਼ ਔਲਖ ਲਾਡੀ, ਪਰਮਜੀਤ ਸਿੰਘ ਮੱਕੜ, ਪ੍ਰਵੀਨ ਬਿੱਲਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਦੀਪ ਕੌਰ, ਅਮਰਦੀਪ ਸਿੰਘ ਪੁਛੜੂ, ਹਰਜੀਤ ਸਿੰਘ ਸੱਜਣ ਸਮੇਤ ਸਮੂਹ ਪ੍ਰਮੁੱਖ ਸਮਾਜ ਸੇਵੀਆਂ ਦਾ ਸਨਮਾਨ ਵੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਵੱਲੋਂ ਖਾਲਸਾ ਕਾਲਜ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ: ਜੀਵਨ ਤੇ ਬਾਣੀ' ਵਿਸ਼ੇ 'ਤੇ ਸੈਮੀਨਾਰ ਆਯੋਜਿਤ




ਨਵੀਂ ਦਿੱਲੀ, 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਅੱਜ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ: ਜੀਵਨ ਤੇ ਬਾਣੀ' ਵਿਸ਼ੇ 'ਤੇ ਪ੍ਰਭਾਵਸ਼ਾਲੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਪੁੱਜੇ ਬੁਲਾਰਿਆਂ ਨੇ ਨੌਵੇਂ ਪਾਤਸ਼ਾਹ ਜੀ ਵੱਲੋਂ ਧਰਮਾਂ ਦੀ ਅਜ਼ਾਦੀ ਲਈ ਦਿੱਤੀ ਸ਼ਹਾਦਤ ਦੇ ਸੰਕਲਪ ਨੂੰ ਯਾਦ ਕੀਤਾ ਅਤੇ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਰੌਸ਼ਨੀ ਪਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਦੇਸ਼ ਦੇ ਲੋਕਾਂ ਨੂੰ ਧਾਰਮਿਕ ਅਜ਼ਾਦੀ ਨਾਲ ਜਿਊਣ ਦਾ ਮਾਰਗ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨਾਲ ਸ਼ਹਾਦਤ ਪ੍ਰਾਪਤ ਕਰਨ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਨੇ ਆਖ਼ਰੀ ਸਮੇਂ ਤੱਕ ਮੁੱਖ ਗੁਰੂ ਵੱਲ ਰੱਖਣ ਦੀ ਇੱਛਾ ਨੇ ਗੁਰੂ ਪ੍ਰਤੀ ਸਮਰਪਣ ਦੀ ਮਿਸਾਲ ਕਾਇਮ ਕੀਤੀ। ਇਸੇ ਤਰ੍ਹਾਂ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਕਿਹਾ ਕਿ ਸੰਸਾਰ 'ਤੇ ਅਮਨ ਦੇ ਸੁਨੇਹੇ ਲਈ ਨੌਵੇਂ ਪਾਤਸ਼ਾਹ ਜੀ ਵੱਲੋਂ ਦੂਸਰਿਆਂ ਲਈ ਦਿੱਤੀ ਸ਼ਹਾਦਤ ਨੂੰ ਵਿਸ਼ਵ ਪੱਧਰ 'ਤੇ ਮਨੁੱਖੀ ਅਧਿਕਾਰ ਦਿਵਸ ਵਜੋਂ ਮਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਭਾਈ ਲੱਖੀ ਸ਼ਾਹ ਵਣਜਾਰਾ ਤੇ ਭਾਈ ਜੈਤਾ ਜੀ ਦੀ ਕੁਰਬਾਨੀ ਨੂੰ ਯਾਦ ਕਰਨਾ ਵੀ ਸਾਡਾ ਫ਼ਰਜ਼ ਹੈ। ਸੈਮੀਨਰ ਦੌਰਾਨ ਡਾ. ਰੌਣਕੀ ਰਾਮ, ਡਾ. ਗੁਰਚਰਨਜੀਤ ਸਿੰਘ ਲਾਂਬਾ, ਡਾ. ਪਿਆਰੇ ਲਾਲ ਗਰਗ, ਡਾ. ਮੁਹੰਮਦ ਸਲੀਮ, ਡਾ. ਧਰਮ ਸਿੰਘ ਅਤੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੇ ਉਦੇਸ਼ ਨੂੰ ਸੀਮਤ ਨਹੀਂ ਕੀਤਾ ਜਾ ਸਕਦਾ। ਦੁਨੀਆਂ ਦੇ ਇਤਿਹਾਸ ਅੰਦਰ ਧਰਮ ਦੀ ਰੱਖਵਾਲੀ ਅਤੇ ਮਨੁਖੀ ਅਧਿਕਾਰਾਂ ਲਈ ਦਿੱਤੀ ਸ਼ਹਾਦਤ ਵੱਡੇ ਅਰਥ ਰੱਖਦੀ ਹੈ ਅਤੇ ਇਹ ਸ਼ਹਾਦਤ ਜ਼ੁਲਮੀ ਹਕੀਮਤ ਦੇ ਵਿਰੁੱਧ ਅਤੇ ਮਜ਼ਲੂਮਾਂ ਦੀ ਰਾਖੀ ਲਈ ਸੀ। ਬੁਲਾਰਿਆਂ ਨੇ ਕਿਹਾ ਕਿ ਅੱਜ ਵੀ ਹੁਕਮਰਾਨਾਂ ਵੱਲੋਂ ਦੂਸਰੇ ਧਰਮਾਂ ਨੂੰ ਕਮਜ਼ੋਰ ਕਰਨ ਦੇ ਯਤਨਾਂ ਤੋਂ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਹਿਲ ਸਿੰਘ ਨੇ ਧੰਨਵਾਦੀ ਭਾਸ਼ਣ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਸੰਦੇਸ਼ ਨੂੰ ਪ੍ਰਚਾਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਅਤੇ ਖਾਲਸਾ ਕਾਲਜ ਦੇ ਪ੍ਰਬੰਧਕਾਂ ਵੱਲੋਂ ਵਿਦਵਾਨਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ਼ ਦੀ ਸੰਚਾਲਨ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਵੱਲੋਂ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਕਾਲਕਾ ਸਿਰਸਾ ਟੀਮ ਨੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਖੁਲਣ ਦੇ ਡਰ ਤੋਂ

# ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰਸ਼ਿਪ ਖਾਰਿਜ ਕਰਣ ਦਾ ਰਚਿਆ ਢਕਵੰਜ: ਸਰਨਾ




ਨਵੀਂ ਦਿੱਲੀ, 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ, 350 ਸਾਲਾ ਸ਼ਹੀਦੀ ਨਗਰ ਕੀਰਤਨ ਵਿਚ ਅੜਿਕੇ ਪਾਉਣ, ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰੀ ਖਾਰਜ ਕਰਨ, ਸ੍ਰੀ ਅਕਾਲ ਤਖਤ ਸਾਹਿਬ ਨੂੰ ਪਿੱਠ ਦਿਖਾਉਣ ਅਤੇ ਕਮੇਟੀ ਪ੍ਰਬੰਧ ਵਿਚ ਵਧਦੀ ਸਰਕਾਰੀ ਦਖਲਅੰਦਾਜੀ ਦਾ ਦੋਸ਼ ਲਗਾ ਕੇ ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਉਨ੍ਹਾਂ ਦੇ ਸਿਆਸੀ ਆਕਾ ਮਨਜਿੰਦਰ ਸਿੰਘ ਸਿਰਸਾ ਤੇ ਪ੍ਰਵੇਸ਼ ਵਰਮਾ 'ਤੇ ਕੀਤੀ ਗਈ ਕਾਨਫਰੰਸ ਵਿਚ ਜ਼ੋਰਦਾਰ ਹਮਲਾ ਬੋਲਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਜਿਸ ਕਮੇਟੀ ਐਕਟ ਦੀ ਜਿਸ ਧਾਰਾ ਦੀ ਵਰਤੋਂ ਕਰਕੇ ਉਨ੍ਹਾਂ ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰਸ਼ਿਪ ਖਾਰਿਜ ਕਰਣ ਦਾ ਢਕਵੰਜ ਕੀਤਾ ਹੈ ਓਹ ਧਾਰਾ ਇਕ ਕਮੇਟੀ ਬਣਾ ਕੇ ਪ੍ਰਪੋਜ਼ਲ ਦੇਣ ਲਈ ਦਸਦੀ ਹੈ ਨਾਂ ਕਿ ਕਿਸੇ ਦੀ ਮੈਂਬਰਸ਼ਿਪ ਖਾਰਿਜ ਕਰਣ ਦਾ ਹਕ. ਦੇਂਦੀ ਹੈ । ਉਨ੍ਹਾਂ ਕਿਹਾ 2022 ਤੋਂ ਦਿੱਲੀ ਪੁਲਿਸ ਦੇ ਏਸੀਬੀ ਕੋਲ ਕਾਲਕਾ, ਸਿਰਸਾ, ਵਿਰਕ ਅਤੇ ਵਿਕਰਮਜੀਤ ਸਿੰਘ ਉਪਰ ਭ੍ਰਿਸ਼ਟਾਚਾਰ ਦੀ ਸ਼ਿਕਾਇਤ ਲੰਬਿਤ ਹੈ। ਉਨ੍ਹਾਂ ਦਸਿਆ ਕਿ ਤਾਰੀਖ 18 ਅਗਸਤ ਦੇ ਨੋਟਿਸ ਸਬੰਧੀ ਡਾਇਰੀ ਨੰਬਰ 1031 ਹੇਠ 12 ਨਵੰਬਰ ਨੂੰ ਦਿੱਤੀ ਗਈ ਅੰਤਰਿਮ ਪ੍ਰਤੀਕਿਰਿਆ ਵਿੱਚ, ਮਨਜਿੰਦਰ ਸਿੰਘ ਸਿਰਸਾ, ਪਰਮਜੀਤ ਸਿੰਘ ਚੰਢੋਕ, ਵਿਕਰਮਜੀਤ ਸਿੰਘ, ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ, ਸਰਬਜੀਤ ਸਿੰਘ ਵਿਰਕ, ਮੋਹਿੰਦਰ ਪਾਲ ਸਿੰਘ ਚੱਢਾ ਵਿਰੁੱਧ ਭ੍ਰਿਸ਼ਟਾਚਾਰ ਸਬੰਧੀ ਦਸਤਾਵੇਜ਼ਾਂ ਦੀ ਫਿਰ ਤੋਂ ਜਾਂਚ ਦੀ ਮੰਗ ਕੀਤੀ ਗਈ । ਉਨ੍ਹਾਂ ਕਿਹਾ ਜਦਕਿ ਜਿਨ੍ਹਾਂ ਮੈਂਬਰਾਂ ਨੇ ਕਮੇਟੀ ਐਕਟ ਦੀ ਦੁਰਵਰਤੋਂ ਕੀਤੀ ਉਨ੍ਹਾਂ ਤੇ ਕਿਸੇ ਕਿਸਮ ਦੀ ਕੌਈ ਕਾਰਵਾਈ ਨਹੀਂ ਹੋਈ ਪਰ ਸਾਡੇ ਵਲੋਂ ਉਨ੍ਹਾਂ ਵਿਰੁੱਧ ਭ੍ਰਿਸ਼ਟਾਚਾਰ ਦੀ ਜਾਂਚ ਦੀ ਮੰਗ ਕਰਦਿਆਂ ਹੀ ਸਾਡੇ ਵਿਰੁੱਧ ਕਾਰਵਾਈ ਕਰ ਦਿੱਤੀ । ਸਰਨਾ ਨੇ ਕਿਹਾ ਕਿ ਜਦੋਂ ਨਗਰ ਕੀਰਤਨ ਵਿਚ ਅੜਿਕੇ ਡਾਹੁਣ ਦੇ ਸਾਰੇ ਹੱਥਕੰਡੇ ਫੇਲ ਹੁੰਦੇ ਨਜ਼ਰ ਆਏ ਤਾਂ ਕਾਲਕਾ ਟੀਮ ਨੇ ਨਗਰ ਕੀਰਤਨ ਦੌਰਾਨ ਹੀ ਜਨਰਲ ਇਜਲਾਸ ਸੱਦ ਕੇ ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰੀ ਖਾਰਜ ਕਰਨ ਦਾ ਢੱਕਵੰਜ ਰਚਿਆ ਅਤੇ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਨੇ ਇਸ ਜਨਰਲ ਇਜਲਾਸ 'ਤੇ ਰੋਕ ਲਗਾਉਣ ਦਾ ਹੁਕਮ ਦਿੱਤਾ ਤਾਂ ਕਾਲਕਾ ਟੀਮ ਨੇ ਆਪਣੇ ਹੰਕਾਰ ਨੂੰ ਪੱਠੇ ਪਾਉਂਦੇ ਹੋਏ ਸਿੱਧੇ ਤੌਰ 'ਤੇ ਸ੍ਰੀ ਅਕਾਲ ਤਖਤ ਨੂੰ ਵੀ ਪਿੱਠ ਦਿਖਾਉਣ ਤੋਂ ਸ਼ਰਮ ਮਹਿਸੂਸ ਨਹੀਂ ਕੀਤੀ। ਦਿੱਲੀ ਕਮੇਟੀ ਪ੍ਰਬੰਧ ਵਿਚ ਵਧਦੀ ਸਰਕਾਰੀ ਦਖਲਅੰਦਾਜੀ ਦਾ ਜ਼ਿਕਰ ਕਰਦਿਆਂ ਸਰਨਾ ਨੇ ਕਿਹਾ ਕਿ ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰੀ ਖਾਰਜ ਕਰਨ ਦੇ ਢੱਕਵੰਜ ਤੋਂ ਬਾਅਦ ਕਾਲਕਾ ਨੇ ਮੀਡੀਆ ਸਾਹਮਣੇ ਖ਼ੁੱਦ ਮੰਨਿਆ ਕਿ ਅਜਿਹੇ ਫੈਸਲੇ ਲਈ ਉਸ ਉੱਤੇ ਸਰਕਾਰ ਦਾ ਬਹੁਤ ਦਬਾਅ ਸੀ । ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਤੇ ਪ੍ਰਵੇਸ਼ ਵਰਮਾ ਰਾਹੀਂ ਦਿੱਲੀ ਕਮੇਟੀ ਪ੍ਰਬੰਧ ਵਿਚ ਹਰ ਤਰ੍ਹਾਂ ਦੀ ਸਰਕਾਰੀ ਦਖਲਅੰਦਾਜੀ ਕੀਤੀ ਜਾ ਰਹੀ ਹੈ। ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰੀ ਖਾਰਜ ਕਰਨ ਦੇ ਫੈਸਲੇ ਪਿੱਛੇ ਇੱਕ ਹੋਰ ਵੱਡੇ ਕਾਰਨ ਦਾ ਜ਼ਿਕਰ ਕਰਦਿਆਂ ਸਰਨਾ ਨੇ ਕਿਹਾ ਕਿ ਦਰਅਸਲ ਨੇੜਲੇ ਭਵਿੱਖ ਵਿਚ ਗੁਰਦੁਆਰਾ ਚੋਣਾਂ ਹੋਣ ਵਾਲੀਆਂ ਹਨ ਅਤੇ ਕਾਲਕਾ-ਸਿਰਸਾ ਟੀਮ ਨੂੰ ਚਿੱਟੇ ਦਿਨ ਵਾਂਗ ਇਹ ਨਜ਼ਰ ਆ ਚੁੱਕਾ ਹੈ ਕਿ ਹੁਣ ਇਨ੍ਹਾਂ ਦਾ ਮੁਕੰਮਲ ਸਫਾਇਆ ਹੋ ਜਾਏਗਾ । ਇਸੇ ਕਰਕੇ ਜਿਥੇ ਇੱਕ ਪਾਸੇ ਗੁਰਦੁਆਰਾ ਚੋਣਾਂ ਲਮਕਾਉਣ ਲਈ ਹਰ ਹੱਥਕੰਡਾ ਵਰਤਿਆ ਜਾ ਰਿਹਾ ਹੈ, ਉੱਥੇ ਹੀ ਨਾਲ ਨਾਲ ਦੂਜੇ ਪਾਸੇ ਸਾਡੀ ਮੈਂਬਰੀ ਰੱਦ ਕਰਵਾਉਣ ਦਾ ਢਕਵੰਜ ਰੱਚਿਆ ਗਿਆ । ਇਸ ਮੌਕੇ ਭਾਈ ਪਰਮਜੀਤ ਸਿੰਘ ਵੀਰਜੀ, ਕਰਤਾਰ ਸਿੰਘ ਚਾਵਲਾ, ਜਤਿੰਦਰ ਸਿੰਘ ਸੋਨੂੰ, ਅਮਰੀਕ ਸਿੰਘ ਵਿਕਾਸਪੁਰੀ ਸਮੇਤ ਪਾਰਟੀ ਦੇ ਮੈਂਬਰ ਵਡੀ ਗਿਣਤੀ ਵਿਚ ਹਾਜਿਰ ਸਨ ।

**ਦਿੱਲੀ ਕਮੇਟੀ ਪ੍ਰਬੰਧ ਵਿਚ ਵਧਦੀ ਸਰਕਾਰੀ ਦਖਲਅੰਦਾਜੀ ਪੰਥ ਲਈ ਚਿੰਤਾਜਨਕ**

ਆਵਾਜ਼ਿ ਕੌਮ AWAZE QAUM International Newspaper & WEB TV


## ✡ ਜਨਮ ਦਿਨ ਮੁਬਾਰਕ ✡




ਸੰਤ ਬਾਬਾ ਚਮਕੌਰ ਸਿੰਘ ਜੀ ਪਿੰਡ ਵਡਾਲਾ ਜੋਹਲ , ਜ਼ਨਮ ਦਿਨ ਦੇਸਾ ਵਿਦੇਸ਼ਾਂ ਦੀਆਂ ਸਮੂਹ ਸੰਗਤਾਂ ਵਲੋਂ ਲੱਖ ਲੱਖ ਵਧਾਈਆਂ ਹੋਣ ਜੀ
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਮਹਾਂਪੁਰਸ਼ ਬਾਬਾ ਅਵਤਾਰ ਸਿੰਘ ਜੀ ਧਤਲ ਵਾਲਿਆਂ ਨੇ ਚਾਰ ਪਿੰਡ ਗੋਦ ਲੈ

# ਕਣਕ ਦੀ ਬਜਾਈ ਅਤੇ ਜਮੀਨ ਦੀ ਪਧਰੀ ਕਰਨ ਦ ਦੀ ਸੇਵਾ ਸ਼ੁਰੂ



**ਚੌਕ ਮਹਿਤਾ,30 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿਨੀ ਪੰਜਾਬ ਵਿੱਚ ਆਏ ਭਿਆਨਕ ਹੜਾਂ ਕਾਰਨ ਜਿੱਥੇ ਲੋਕਾਂ ਦੇ ਜਾਨ ਮਾਨ ਦਾ ਕਾਫੀ ਨੁਕਸਾਨ ਹੋਇਆ ਵਾਈ ਯੋਗ ਜਮੀਨਾਂ ਬਰਬਾਦ ਹੋ ਗਈਆਂ ਫਸਲਾਂ ਬਰਬਾਦ ਹੋ ਗਈਆਂ ਉੱਥੇ ਹੀ ਵੱਧ ਤੋਂ ਵੱਧ ਸਮਾਜ ਸੇਵੀ ਸੰਸਥਾਵਾਂ ਕਾਰ ਸੇਵਾ ਵਾਲੇ ਸੰਤ ਮਹਾਂਪੁਰਸ਼ਾਂ ਵੱਲੋਂ ਲੋਕਾਂ ਦੀ ਦਿਲ ਖੋਲ ਕੇ ਮਦਦ ਕੀਤੀ ਅਤੇ ਲੋਕਾਂ ਨੂੰ ਆਪਣੇ ਪੈਰਾਂ ਸਿਰ ਖੜਾ ਹੋਣ ਲਈ ਹਰ ਇੱਕ ਤਰ੍ਹਾਂ ਦੇ ਯਤਨ ਕੀਤੇ ਇਸੇ ਤਰ੍ਹਾਂ ਹੀ ਅੱਜ ਸੰਤ ਮਹਾਂਪੁਰਸ਼ ਬਾਬਾ ਅਵਤਾਰ ਸਿੰਘ ਜੀ ਧਤਲ ਵਾਲਿਆਂ ਨੇ ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਚਾਰ ਪਿੰਡਾਂ ਦੀ ਕਣਕ ਦੀ ਬਜਾਈ ਅਤੇ ਜਮੀਨਾਂ ਪਧਰੀ ਕਰਨ ਦੀ ਸੇਵਾ ਸ਼ੁਰੂ ਕਰ ਦਿੱਤੀ ਹੈ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਅਰਦਾਸ ਬੇਨਤੀ ਕੀਤੀ ਗਈ ਅਤੇ ਕਣਕ ਦੀ ਬਜਾਈ ਕਰ ਦਿੱਤੀ ਗਈ ਅਤੇ ਜਮੀਨਾਂ ਨੂੰ ਪੱਧਰਾ ਕਰਨ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ ਇਹ ਕੰਮ ਘਣੀ ਕੇ ਬੇਟ ਗੁਰ ਚਕ ਘਣੀ ਕਾ ਬੀਗਾ ਰਤੜ ਛਤੜ ਰਤੜ ਛਤੜ ਪਿੰਡਾਂ ਵਿੱਚ ਖੇਤੀ ਸ਼ੁਰੂ ਕੀਤੀ ਗਈ ਇਸ ਮੌਕੇ ਉੱਗੇ ਸਮਾਜਸੇਵੀ ਕੁਲਜੀਤ ਸਿੰਘ ਬੱਲ ਪੁਰੀਆਂ ਵੱਲੋਂ ਬਾਬਾ ਜੀ ਨੂੰ ਸਰੋਪਾ ਭੇਟ ਕਰਕੇ ਉਹਨਾਂ ਦਾ ਧੰਨਵਾਦ ਕੀਤਾ ਗਿਆ ਕਿ ਉਹ ਇੱਕ ਬਹੁਤ ਵੱਡਾ ਉਪਰਾਲਾ ਕਰ ਰਹੇ ਹਨ ਇਸ ਮੌਕੇ ਕਲਜੀਤ ਸਿੰਘ ਬਲ ਵਿਰਸਾ ਸਿੰਘ ਕਿਸਾਨ ਆਗੂ ਧੱਤਲ ਸਤਨਾਮ ਸਿੰਘ ਕਨੇਡਾ ਸੱਤਲ ਮਹਿਲ ਸਿੰਘ ਉਧਮ ਸਿੰਘ ਏਕਤਾ ਕਿਸਾਨ ਆਗੂ ਏਕਤਾ ਸੰਗਠਨ ਬਲਰਾਜ ਸਿੰਘ ਵਕੀਲ ਤੇ ਸਰਪੰਚ ਕਮਲ ਵੀਰ ਸਿੰਘ ਹਰਮਿੰਦਰ ਸਿੰਘ ਵਿੱਕੀ ਰੰਧਾਵਾ ਚਵਿੰਡਾ ਦੇ ਵੀ ਬਾਬਾ ਲੱਖਾ ਸਿੰਘ ਹਰਮਨ ਬੱਲ ਆਦਿ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜਿਨ੍ਹਾਂ ਨੇ ਪੰਜਾਬ ਦੇ ਸੁਪਨੇ ਵੇਚੇ, ਉਹ ਹੁਣ ਜਵਾਬ ਦੇਣ ਤੋਂ ਕਤਰਾਉਂਦੇ ਨੇ : ਭਾਈ ਪਰਮਜੀਤ ਸਿੰਘ ਜੌਹਲ

# ਭਾਈ ਜੌਹਲ ਨੇ ਕਿਹਾ ਕਿ ਤਰਨਤਾਰਨ ਤੋਂ ਭਾਈ ਮਨਦੀਪ ਸਿੰਘ ਦੀ ਜਿੱਤ ਪੰਜਾਬ ਦੇ ਲੋਕਾਂ ਦੀ ਜਿੱਤ ਹੋਵੇਗੀ



**ਤਰਨਤਾਰਨ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਤਰਨਤਾਰਨ ਤੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਜੀ ਖ਼ਾਲਸਾ ਦੇ ਜਿਮਨੀ ਚੋਣ ਪ੍ਰਚਾਰ ਦੌਰਾਨ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਅਕਾਲੀ ਦਲ ਵਾਰਿਸ ਪੰਜਾਬ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਮੌਜੂਦਾ ਸਰਕਾਰਾਂ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਜਿਨ੍ਹਾਂ ਨੇ ਰੋਜ਼ਗਾਰ, ਖੁਸ਼ਹਾਲੀ ਅਤੇ ਨਸ਼ਾ-ਮੁਕਤ ਪੰਜਾਬ ਦੇ ਵਾਅਦੇ ਕੀਤੇ ਸਨ, ਉਹ ਅੱਜ ਹਰ ਮੋਰਚੇ ਤੇ ਨਾਕਾਮ ਸਾਬਤ ਹੋਏ ਨੇ।ਪੰਜਾਬ ਦਾ ਖਜ਼ਾਨਾ ਖਾਲੀ, ਕਿਸਾਨ ਕਰਜ਼ੇ ਹੇਠ, ਨੌਜਵਾਨ ਬੇਰੁਜ਼ਗਾਰ ਤੇ ਗੁਰੂ ਦੀ ਧਰਤੀ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ, ਪਰ ਸਰਕਾਰਾਂ ਸਿਰਫ਼ ਇਸ਼ਿਤਹਾਰਾਂ ਤੇ ਝੂਠੇ ਦਾਅਵੇ ਛਾਪਣ ਵਿੱਚ ਮਸਤ ਨੇ। ਉਹਨਾਂ ਕਿਹਾ ਕਿ ਜਦੋਂ ਪੰਜਾਬ ਦੇ ਘਰਾਂ ਵਿੱਚ ਚੁੱਲ੍ਹੇ ਠੰਢੇ ਪਏ ਨੇ, ਹਸਪਤਾਲਾਂ 'ਚ ਦਵਾਈ ਨਹੀਂ ਤੇ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਡਿੱਗ ਰਿਹਾ ਹੈ, ਉਦੋਂ ਰਾਜ ਕਰਨ ਵਾਲਿਆਂ ਲਈ ਸ਼ਰਮ ਦੀ ਗੱਲ ਹੈ ਕਿ ਉਹ ਆਪਣੇ ਆਪ ਨੂੰ ਲੋਕਾਂ ਦਾ ਮਸੀਹਾ ਕਹਿੰਦੇ ਫਿਰਦੇ ਹਨ।ਭਾਈ ਜੌਹਲ ਨੇ ਕਿਹਾ ਕਿ ਜਿਹੜੇ ਲੋਕ ਆਪਣੇ ਪੰਜ ਸਾਲਾਂ ਦੀ ਕਾਰਗੁਜ਼ਾਰੀ ਦਿਖਾਉਣ ਦੀ ਬਜਾਏ ਪਿਛਲੇ ਰਾਜਾਂ ਨੂੰ ਦੋਸ਼ ਦੇਣ ਵਿੱਚ ਲੱਗੇ ਹਨ, ਉਹਨਾਂ ਨੇ ਲੋਕਤੰਤਰ ਦਾ ਵਿਸ਼ਵਾਸ ਤੋੜਿਆ ਹੈ। ਉਹਨਾਂ ਕਿਹਾ ਕਿ ਹੁਣ ਸਮਾਂ ਸੱਚੇ ਪੰਥਕ ਤੇ ਲੋਕ-ਕੇਂਦਰਿਤ ਨੇਤ੍ਰਿਤਵ ਨੂੰ ਉਭਾਰਨ ਦਾ ਹੈ।ਜਿਹੜਾ ਗੁਰੂ ਮਰਿਆਦਾ, ਇਮਾਨਦਾਰੀ ਅਤੇ ਲੋਕ ਸੇਵਾ ਦੇ ਸਿਧਾਂਤਾਂ 'ਤੇ ਟਿਕਿਆ ਹੋਵੇ। ਭਾਈ ਜੌਹਲ ਨੇ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਲੋਕਾਂ ਦੀ ਆਵਾਜ਼ ਨਾਂ ਸੁਣੀ, ਤਾਂ ਪੰਜਾਬ ਦਾ ਨੌਜਵਾਨ ਖਾਮੋਸ਼ ਨਹੀਂ ਰਹੇਗਾ। ਉਹ ਆਪਣਾ ਹੱਕ ਲੈਣ ਲਈ ਮੈਦਾਨ ਵਿੱਚ ਉਤਰ ਚੁੱਕਾ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਕਿਸੇ ਰਾਜਨੀਤਕ ਮੌਕੇ ਲਈ ਨਹੀਂ, ਸਗੋਂ ਗੁਰੂ ਦੇ ਰਾਹ ਤੇ ਪੰਜਾਬ ਦੇ ਭਲੇ ਲਈ ਖੜ੍ਹਾ ਹੈ। ਇਹ ਯੁੱਧ ਕੁਰਸੀ ਦਾ ਨਹੀਂ, ਸੱਚ ਅਤੇ ਨਿਆਂ ਦਾ ਹੈ ਜਿਸਦੀ ਜਿੱਤ ਨਿਸ਼ਚਤ ਤੌਰ ਤੇ ਲੋਕਾਂ ਦੀ ਹੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਬਕਾ ਮੁੱਖ ਮੰਤਰੀ ਚੰਨੀ ਨੇ ਕਰਨ ਬੁਰਜ ਦੇ ਹੱਕ ਵਿੱਚ ਪਿੰਡ ਰਸੂਲਪੁਰ, ਚੀਮਾ ਅਤੇ ਕਸੇਲ ਵਿੱਚ ਕੀਤਾ ਪ੍ਰਚਾਰ

# ਆਮ ਆਦਮੀ ਕੇਵਲ ਜੁਮਲੇਬਾਜ਼ੀ ਵਾਲੀ ਪਾਰਟੀ - ਚੰਨੀ

**ਸਰਾਏ ਅਮਾਨਤ ਖਾਂ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਤਰਨ ਤਾਰਨ ਹਲਕੇ ਦੇ ਪਿੰਡ ਰਸੂਲਪੁਰ, ਚੀਮਾ ਅਤੇ ਕਸੇਲ ਵਿੱਚ ਕਰਨ ਬੁਰਜ ਦੇ ਹੱਕ ਵਿੱਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ।ਉਨ੍ਹਾਂ ਮੌਜੂਦਾ 'ਆਪ' ਸਰਕਾਰ ਦੀਆਂ ਨਾਕਾਮੀਆਂ ਗਿਣਾਈਆਂ।ਚੰਨੀ ਨੇ 'ਆਪ' ਸਰਕਾਰ ਨੂੰ ਬਿਆਨਬਾਜ਼ੀ ਦੀ ਸਰਕਾਰ ਦੱਸਿਆ। ਇਸ ਮੌਕੇ ਪੰਜਾਬ ਪ੍ਰਦੇਸ਼ (ਸੰਗਠਨ) ਜਨਰਲ ਸਕੱਤਰ ਕੈਪਟਨ ਸੰਦੀਪ ਸਿੰਘ ਸੰਧੂ, ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਦਿਲਰਾਜ ਸਰਕਾਰੀਆ ਅਤੇ ਸਾਵੀ ਢਿੱਲੋਂ ਵੀ ਮੌਜੂਦ ਸਨ।ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਆਮ ਆਦਮੀ ਪਾਰਟੀ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਵੋਟਾਂ ਲਈ ਕੁਝ ਵੀ ਕਰਨਗੇ। ਉਨ੍ਹਾਂ ਕਿਹਾ ਕਿ ਭਾਜਪਾ ਬਿਹਾਰ ਵਿੱਚ ਨਿਤੀਸ਼ ਕੁਮਾਰ ਸਰਕਾਰ ਨੂੰ ਰਿਮੋਟ ਕੰਟਰੋਲ ਨਾਲ ਚਲਾ ਰਹੀ ਹੈ। ਇਸੇ ਤਰ੍ਹਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਬਜਾਏ ਅਰਵਿੰਦ ਕੇਜਰੀਵਾਲ ਚਲਾ ਰਹੇ ਹਨ, ਜਿਸ ਕਾਰਨ ਪੰਜਾਬ ਬਰਬਾਦੀ ਦੇ ਕੰਢੇ 'ਤੇ ਪਹੁੰਚ ਗਿਆ ਹੈ। ਚੰਨੀ ਨੇ ਕਿਹਾ ਕਿ ਤਰਨਤਾਰਨ ਉਪ ਚੋਣ ਵਿੱਚ ਕਾਂਗਰਸ ਪਾਰਟੀ ਨੂੰ ਸੱਤਾ ਵਿੱਚ ਲਿਆ ਕੇ, ਲੋਕ 2027 ਵਿੱਚ ਪੰਜਾਬ ਵਿੱਚ ਕਾਂਗਰਸ ਪਾਰਟੀ ਨੂੰ ਸੱਤਾ ਸੌਂਪ ਦੇਣਗੇ। ਪੰਜਾਬ ਵਿੱਚ ਕਾਨੂੰਨ ਵਿਵਸਥਾ ਨਹੀਂ ਹੈ, ਅਤੇ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ। ਇੱਕ ਤਾਜ਼ਾ ਉਦਾਹਰਣ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਮਾਨਸਾ ਵਿੱਚ ਦਿਨ-ਦਿਹਾੜੇ ਦੋ ਥਾਵਾਂ 'ਤੇ ਅਪਰਾਧੀਆਂ ਵੱਲੋਂ ਗੋਲੀਬਾਰੀ ਕਰਨ ਦੇ ਬਾਵਜੂਦ, ਪੁਲਿਸ ਅਜੇ ਵੀ ਬੇਵੱਸ ਹੈ।ਤਰਨਤਾਰਨ ਵਿੱਚ ਵੀ ਸਥਿਤੀ ਅਜਿਹੀ ਹੀ ਹੈ। ਸ਼ਹਿਰ ਵਿਚ ਪਿਛਲੇ ਮਹੀਨੇ 10 ਤੋਂ 12 ਗੋਲੀਬਾਰੀ ਦੀਆਂ ਘਟਨਾਵਾਂ ਵਾਪਰੀਆਂ ਹਨ, ਅਤੇ ਪੁਲਿਸ ਦੋਸ਼ੀਆਂ ਦਾ ਪਤਾ ਲਗਾਉਣ ਵਿੱਚ ਅਸਫਲ ਰਹੀ ਹੈ। ਚੰਨੀ ਨੇ ਕਿਹਾ ਕਿ ਜੇਕਰ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣ ਜਾਂਦੀ ਹੈ, ਤਾਂ ਇੱਕ ਮਹੀਨੇ ਦੇ ਅੰਦਰ-ਅੰਦਰ ਗੈਂਗਸਟਰਵਾਦ ਦਾ ਖਾਤਮਾ ਕਰ ਦਿੱਤਾ ਜਾਵੇਗਾ।ਗੁੰਡਿਆਂ ਅਤੇ ਅਪਰਾਧੀਆਂ ਤੇ ਲਗਾਮ ਲਗਾਈ ਜਾਵੇਗੀ ਕਿ ਪੰਜਾਬੀਆਂ ਨੂੰ ਹੁਣ ਡਰ ਨਾਲ ਨਹੀਂ ਰਹਿਣਾ ਪਵੇਗਾ। ਕਾਂਗਰਸ ਪਾਰਟੀ ਹਰ ਸਮੇਂ ਪੰਜਾਬੀਆਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਰਹੇਗੀ ਅਤੇ ਉਨ੍ਹਾਂ ਵਿਰੁੱਧ ਹੋਣ ਵਾਲੇ ਕਿਸੇ ਵੀ ਅੱਤਿਆਚਾਰ ਦਾ ਜਵਾਬ ਦੇਵੇਗੀ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹੜ੍ਹ ਪ੍ਰਭਾਵਿਤ ਪੰਜਾਬ ਪ੍ਰਤੀ ਉਦਾਸੀਨ ਰਵੱਈਆ ਅਪਣਾਉਣ ਦਾ ਵੀ ਦੋਸ਼ ਲਗਾਇਆ। ਉਨ੍ਹਾਂ ਨੇ 9 ਸਤੰਬਰ ਨੂੰ ਪੰਜਾਬ ਦੇ ਆਪਣੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਵੱਲੋਂ ਐਲਾਨੇ ਗਏ 16 ਕਰੋੜ ਰੁਪਏ ਦੇ ਰਾਹਤ ਪੈਕੇਜ ਨੂੰ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ। ਉਨ੍ਹਾਂ ਦੇ ਦੌਰੇ ਨੂੰ 50 ਦਿਨ ਹੋ ਗਏ ਹਨ। ਉਨ੍ਹਾਂ ਨੇ ਹਵਾਈ ਰਾਹੀਂ ਤਬਾਹੀ ਦਾ ਸਰਵੇਖਣ ਕੀਤਾ ਅਤੇ ਫਸਲਾਂ, ਪਸ਼ੂਆਂ ਅਤੇ ਬੁਨਿਆਦੀ ਢਾਂਚੇ ਨੂੰ ਹੋਏ ਮਹੱਤਵਪੂਰਨ ਨੁਕਸਾਨ ਨੂੰ ਵੀ ਸਵੀਕਾਰ ਕੀਤਾ ਸੀ । ਚੰਨੀ ਨੇ ਕਿਹਾ ਕਿ ਪੰਜਾਬ ਲਈ 13,000 ਕਰੋੜ ਰੁਪਏ ਦਾ ਅਨੁਮਾਨ ਲਗਾਉਣ ਵਾਲਾ ਇੱਕ ਵਿਸਤ੍ਰਿਤ ਮੈਮੋਰੰਡਮ ਕੇਂਦਰ ਸਰਕਾਰ ਨੂੰ ਸੌਂਪਿਆ ਗਿਆ ਸੀ, ਪਰ ਪੰਜਾਬ ਨੂੰ ਅਜੇ ਤੱਕ ਜਨਤਕ ਤੌਰ 'ਤੇ ਇੱਕ ਵੀ ਰੁਪਿਆ ਨਹੀਂ ਮਿਲਿਆ ਹੈ।

# ਬੱਬਰ ਖਾਲਸਾ ਜਰਮਨੀ ਵੱਲੋਂ ਤਰਨਤਾਰਨ ਹਲਕੇ ਦੇ ਵੋਟਰਾਂ ਨੂੰ ਮਨਦੀਪ ਸਿੰਘ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ

### ਪੰਜਾਬ ਆਪਣੀ ਪਹਿਚਾਣ ਗੁਆਉਂਦੇ ਹੋਏ "ਭਈਆ ਸਥਾਨ" ਬਣਨ ਦੇ ਮੋੜ 'ਤੇ - ਭਾਈ ਰੇਸ਼ਮ ਸਿੰਘ ਬੱਬਰ









**ਫਰੈਂਕਫੋਰਟ, 30 ਅਕਤੂਬਰ (ਸਰਬਜੀਤ ਸਿੰਘ ਬਨੂੜ)**- ਬੱਬਰ ਖਾਲਸਾ ਜਰਮਨੀ ਵੱਲੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ ਅਤੇ ਭਾਈ ਰਾਜਿੰਦਰ ਸਿੰਘ ਬੱਬਰ ਨੇ ਤਰਨਤਾਰਨ ਹਲਕੇ ਦੇ ਅਣਖੀ ਵੋਟਰਾਂ ਨੂੰ ਮਨਦੀਪ ਸਿੰਘ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕਰਦਿਆਂ ਤੇ ਚੋਣ ਨਿਸ਼ਾਨ "ਬਾਲਟੀ" 'ਤੇ ਮੋਹਰ ਲਾ ਕੇ ਪੰਥਕ ਜਿੱਤ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ ਗਈ ਹੈ। ਸਿੰਘਾਂ ਨੇ ਕਿਹਾ ਕਿ ਇਹ ਜਿੱਤ ਸਿਰਫ਼ ਇੱਕ ਵਿਅਕਤੀ ਦੀ ਨਹੀਂ ਹੋਵੇਗੀ, ਸਗੋਂ ਪੰਥਕ ਰਾਜ ਦੀ ਬੁਨਿਆਦ ਰੱਖੇਗੀ ਜੋ 2027 ਦੀਆਂ ਚੋਣਾਂ ਵਿੱਚ ਪੂਰੀ ਤਰ੍ਹਾਂ ਸਰਕਾਰ ਦੇ ਰੂਪ ਵਿੱਚ ਨਜ਼ਰ ਆਵੇਗੀ। ਅਜਿਹੀ ਸਰਕਾਰ ਜਿਸਦਾ ਅਧਾਰ ਸਿੱਖ ਕੌਮ ਦੀ ਆਵਾਜ਼ ਤੇ ਪੰਜਾਬ ਦੀ ਅਖੰਡਤਾ ਹੋਵੇ, ਨਾ ਕਿ ਧੋਖੇਬਾਜ਼ ਰਾਜਨੀਤੀ। ਬਿਆਨ ਵਿੱਚ ਕਿਹਾ ਗਿਆ ਕਿ ਹੁਣ ਤੱਕ ਆਈਆਂ ਸਾਰੀਆਂ ਸਰਕਾਰਾਂ ਨੇ ਪੰਜਾਬ ਅਤੇ ਸਿੱਖ ਕੌਮ ਨਾਲ ਸਿਰਫ਼ ਧੋਖੇ ਕੀਤੇ ਹਨ। ਇਹ ਸਰਕਾਰਾਂ ਦੁਸ਼ਮਣ ਦੇ ਹਥਿਆਰ ਬਣਕੇ ਪੰਜਾਬ ਨੂੰ ਵੰਡਣ ਅਤੇ ਕੌਮ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ਾਂ ਕਰਦੀਆਂ ਰਹੀਆਂ ਜਿਸ ਕਾਰਨ ਅੱਜ ਪੰਜਾਬ ਆਪਣੀ ਪਹਿਚਾਣ ਗੁਆਉਂਦੇ ਹੋਏ "ਭਈਆ ਸਥਾਨ" ਬਣਨ ਦੇ ਮੋੜ 'ਤੇ ਖੜ੍ਹਾ ਹੈ। ਸਿੰਘਾਂ ਨੇ ਕਿਹਾ ਕਿ ਭਾਵੇਂ ਸਾਡਾ ਅੰਤਮ ਨਿਸ਼ਾਨਾ ਖਾਲਿਸਤਾਨ ਹੈ, ਪਰ ਉਦੋਂ ਤੱਕ ਅਸੀਂ ਆਪਣੇ ਦੇਸ਼ ਪੰਜਾਬ ਨੂੰ ਪੰਥਕ ਦੋਖੀਆਂ ਅਤੇ ਸਿਆਸੀ ਮੌਕਾਪਰਸਤਾਂ ਦੇ ਹੱਥਾਂ ਵਿੱਚ ਨਹੀਂ ਛੱਡ ਸਕਦੇ। ਉਨ੍ਹਾਂ ਨੇ ਕਿਹਾ ਕਿ ਸਾਡੇ ਯੋਧੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਫਿਰ ਵੀ ਉਹ ਕਿਉਂ ਜੇਲ੍ਹਾਂ ਵਿੱਚ ਬੰਦ ਹਨ ? ਉਨ੍ਹਾਂ ਕਿਹਾ ਕਿ ਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਨਿਆਂ ਤੇ ਸੱਚ ਦੀ ਲੜਾਈ ਸਿਰਫ਼ ਹਥਿਆਰਾਂ ਨਾਲ ਨਹੀਂ, ਸਗੋਂ ਚੇਤਨਾ ਅਤੇ ਵੋਟਾਂ ਨਾਲ ਵੀ ਜਿੱਤੀ ਜਾ ਸਕਦੀ ਹੈ। ਬੱਬਰ ਖਾਲਸਾ ਜਰਮਨੀ ਵੱਲੋਂ ਸਾਰੀਆਂ ਪੰਥਕ ਜਥੇਬੰਦੀਆਂ, ਸੰਪਰਦਾਵਾਂ, ਨਿਹੰਗ ਦਲਾਂ ਅਤੇ ਪੰਥਕ ਸੰਗਠਨਾਂ ਨੂੰ ਸਾਂਝੀ ਅਪੀਲ ਕੀਤੀ ਗਈ ਹੈ ਕਿ ਸਾਰੇ ਮੱਤਭੇਦ ਪਾਸੇ ਰੱਖ ਕੇ ਕੌਮ ਦੀ ਭਲਾਈ ਲਈ ਇਕਜੁੱਟ ਹੋਵੋ, ਅਤੇ ਭਾਈ ਮਨਦੀਪ ਸਿੰਘ ਦੀ ਜਿੱਤ ਨੂੰ ਕੌਮ ਦੀ ਜਿੱਤ ਬਣਾਓ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਚ ਰੁਜ਼ਗਾਰ ਦੀ ਘਟ, ਨਸ਼ੇ ਗਲੀਆਂ ਅਤੇ ਮੁਹੱਲਿਆਂ ਵਿੱਚ ਆਸਾਨੀ ਨਾਲ ਉਪਲਬਧ - ਬਾਜਵਾ

**ਸਰਾਏ ਅਮਾਨਤ ਖਾਂ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਬਲਾਕ ਗੰਡੀਵਿੰਡ, ਕਾਜ਼ੀਕੋਟ ਅਤੇ ਮਲੀਆਂ ਵਿੱਚ ਕਰਨ ਬੁਰਜ ਲਈ ਚੋਣ ਪ੍ਰਚਾਰ ਕੀਤਾ, ਵਰਕਰਾਂ ਨੂੰ ਲਾਮਬੰਦ ਕੀਤਾ। ਉਨ੍ਹਾਂ ਦੇ ਨਾਲ ਜ਼ੋਨ ਇੰਚਾਰਜ ਅਤੇ ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ ਅਤੇ ਹੋਰ ਕਾਂਗਰਸੀ ਆਗੂ ਵੀ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਲੋਕਾਂ ਦਾ ਅਟੁੱਟ ਸਮਰਪਣ ਅਤੇ ਬੰਧਨ ਕਾਂਗਰਸ ਲਹਿਰ ਦੀ ਅਸਲ ਭਾਵਨਾ ਨੂੰ ਦਰਸਾਉਂਦਾ ਹੈ। ਉਨ੍ਹਾਂ ਵਰਕਰਾਂ ਦੇ ਉਤਸ਼ਾਹ ਨੂੰ ਦੇਖ ਕੇ, ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਪਾਰਟੀ ਦੀ ਜਿੱਤ ਯਕੀਨੀ ਹੈ। 'ਆਪ' ਸਰਕਾਰ ਸਮੇਂ ਮਹਿੰਗਾਈ ਸਿਖਰ 'ਤੇ ਪਹੁੰਚ ਗਈ ਹੈ। ਮਹਿੰਗਾਈ ਨੇ ਲੋਕਾਂ ਦਾ ਕਚੂਮਰ ਕੱਢ ਦਿਤਾ ਹੈ। ਨੌਜਵਾਨਾਂ ਕੋਲ ਰੁਜ਼ਗਾਰ ਦੀ ਘਾਟ ਹੈ ਅਤੇ ਨਸ਼ੇ ਹਰ ਗਲੀ ਅਤੇ ਮੁਹੱਲੇ ਵਿੱਚ ਆਸਾਨੀ ਨਾਲ ਉਪਲਬਧ ਹਨ।ਬਾਜਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਦੇ ਸਰਹੱਦੀ ਕਸਬਿਆਂ ਅਤੇ ਖੇਤਰਾਂ ਵਿੱਚ ਨਸ਼ਿਆਂ ਦੀ ਬੀਜ ਬੀਜੇ ਹਨ। ਜੇਕਰ ਹਲਕਾ ਵਾਸੀ ਇਸ ਚੋਣ ਵਿੱਚ ਬੁਰਜ ਨੂੰ ਫਤਵਾ ਦਿੰਦੇ ਹਨ, ਤਾਂ ਸ਼ਹਿਰਾਂ ਅਤੇ ਪਿੰਡਾਂ ਦੋਵਾਂ ਵਿੱਚ ਅਧੂਰੇ ਵਿਕਾਸ ਪ੍ਰੋਜੈਕਟ ਪੂਰੇ ਹੋ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਨੇ ਉਪ ਚੋਣ ਵਿੱਚ ਆਮ ਆਦਮੀ ਪਾਰਟੀ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ।ਬੁਰਜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਨੌਕਰੀਆਂ ਪੈਦਾ ਨਹੀਂ ਕੀਤੀਆਂ ਸਗੋਂ ਨਸ਼ਿਆਂ ਦਾ ਕਹਿਰ ਵਧਾ ਦਿੱਤਾ ਹੈ, ਜਿਸ ਦੇ ਪ੍ਰਭਾਵ ਲੋਕ ਅਜੇ ਵੀ ਭੁਗਤ ਰਹੇ ਹਨ। ਬੇਅਦਬੀ ਮਾਮਲਿਆਂ ਤੋਂ ਬਾਅਦ, ਲੋਕਾਂ ਨੇ ਅਕਾਲੀ ਦਲ ਤੋਂ ਪੂਰੀ ਤਰ੍ਹਾਂ ਮੂੰਹ ਮੋੜ ਲਿਆ ਹੈ। 'ਆਪ' ਅਤੇ ਅਕਾਲੀ ਦਲ ਨੇ ਸਰਕਾਰੀ ਜਾਇਦਾਦਾਂ ਨੂੰ ਗਿਰਵੀ ਰੱਖ ਕੇ ਪੰਜਾਬ ਨੂੰ ਆਰਥਿਕ ਤੌਰ 'ਤੇ ਕਮਜ਼ੋਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਦੀ ਸਰਕਾਰ ਸੱਤਾ ਵਿੱਚ ਆਉਂਦੀ ਹੈ, ਤਾਂ 600,000 ਤੋਂ ਵੱਧ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇਗਾ ਅਤੇ ਇੱਕ ਮਹੀਨੇ ਦੇ ਅੰਦਰ-ਅੰਦਰ ਗੈਂਗਸਟਰਵਾਦ ਨੂੰ ਖਤਮ ਕਰਕੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਬਹਾਲ ਕੀਤੀ ਜਾਵੇਗੀ। ਉਨ੍ਹਾਂ ਵਰਕਰਾਂ ਨੂੰ ਇੱਕਜੁੱਟ ਹੋ ਕੇ ਚੋਣ ਪ੍ਰਚਾਰ ਕਰਨ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV